ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum (ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

YouTube https://youtu.be/LQwolgxDu7l

awazeqaumtvpunjab@gmail.com

ਵੀਰਵਾਰ, 7 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੫, ੨੪ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਐੱਸ.ਆਈ.ਟੀ.ਅੱਗੇ ਪੇਸ਼ ਹੋਏ ਬਿਕਰਮ ਮਜੀਠੀਆ

**ਪਟਿਆਲਾ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਡਰੱਗ ਮਾਮਲੇ 'ਚ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਅੱਜ ਐੱਸ.ਆਈ.ਟੀ. ਅੱਗੇ ਪੇਸ਼ ਹੋਣ ਲਈ ਪਟਿਆਲਾ ਪੁੱਜੇ। ਜਿੱਥੇ ਪੁਲਸ ਲਾਈਨ ਵਿਖੇ ਭਾਰੀ ਸੁਰੱਖਿਆ ਫੋਰਸ ਤਾਇਨਾਤ ਕੀਤੀ ਗਈ। ਇਸ ਮੌਕੇ ਮਜੀਠੀਆ ਨੇ ਕਿਹਾ ਕਿ ਇਹ 11 ਸਾਲ ਤੋਂ ਵੱਧ ਪੁਰਾਣਾ ਕੇਸ ਹੈ, ਮੈਂ ਕਾਨੂੰਨ ਨੂੰ ਮੰਨਣ ਵਾਲਾ ਨਾਗਰਿਕ ਹਾਂ, ਇਸ ਲਈ ਹਰ ਵਾਰ ਐੱਸ.ਆਈ.ਟੀ. ਅੱਗੇ ਪੇਸ਼ ਹੋਣ ਆ ਰਿਹਾ ਹਾਂ। ਮਜੀਠੀਆ ਨੇ ਕਿਹਾ ਕਿ ਮਾਨ ਸਰਕਾਰ ਖ਼ਿਲਾਫ਼ ਬੋਲਦਾ ਹਾਂ , ਜਿਸ ਕਰਕੇ ਮੁੱਖ ਮੰਤਰੀ ਦੇ ਇਸ਼ਾਰੇ ਤੇ ਐੱਸ.ਆਈ.ਟੀ. ਬੁਲਾ ਲੈਂਦੀ ਹੈ। ਮਜੀਠੀਆ ਨੇ ਕਿਹਾ ਕਿ ਵਿਧਾਨ ਸਭਾ ਵਿਚ ਬੀਤੇ ਦਿਨ ਜੋ ਹੋਇਆ, ਮੰਦਭਾਗਾ ਹੈ। ਉਨ੍ਹਾਂ ਕਿਹਾ ਇਸ ਸਰਕਾਰ ਨੇ ਪੰਜਾਬ ਨੂੰ ਸਿਰਫ ਕਰਜ਼ਾ ਹੀ ਦਿੱਤਾ ਹੈ।



### ਹਸਪਤਾਲ 'ਚ ਕਰਵਾਏ ਭਰਤੀ, ਮਿਰਗੀ ਦੇ ਵੀ ਪੈ ਰਹੇ ਸੀ ਦੌਰੇ

## ਅੰਮ੍ਰਿਤਪਾਲ ਸਿੰਘ ਦੇ 2 ਸਾਥੀਆਂ ਦੀ ਜੇਲ੍ਹ 'ਚ ਵਿਗੜੀ ਹਾਲਤ

**ਡਿਬਰੂਗੜ੍ਹ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਸਮ ਦੀ ਕੇਂਦਰੀ ਜੇਲ੍ਹ ਡਿਬਰੂਗੜ੍ਹ ਵਿਖੇ ਭੁੱਖ-ਹੜਤਾਲ ਕਾਰਨ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਆਗੂਆਂ ਦੀ ਸਿਹਤ ਬਹੁਤ ਨਾਜ਼ੁਕ ਹੋਈ ਹੈ ਅਤੇ ਉਹਨਾ ਨੂੰ ਹਸਪਤਾਲ ਵਿੱਚ ਦਾਖ਼ਲ ਕਰਾਇਆ ਗਿਆ। ਇਸ ਦੀ ਜਾਣਕਾਰੀ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਵਕੀਲ ਇਮਾਨ ਸਿੰਘ ਖਾਰਾ ਨੇ ਦਿੱਤੀ ਹੈ। ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਅੰਮ੍ਰਿਤਪਾਲ ਸਿੰਘ ਤੇ ਉਸ ਦੇ ਸਾਥੀ ਪਿਛਲੇ 18 ਦਿਨਾਂ ਤੋਂ ਭੁੱਖ ਹੜਤਾਲ 'ਤੇ ਬੈਠੇ ਹਨ। ਜਿਸ ਦੌਰਾਨ ਗੁਰਮੀਤ ਸਿੰਘ ਬੁੱਕਣਵਾਲਾ, ਕੁਲਵੰਤ ਸਿੰਘ ਰਾਉਕੇ ਦੀ ਹਾਲਤ ਵਿਗੜ ਗਈ ਹੈ। ਇਮਾਨ ਸਿੰਘ ਖਾਰਾ ਨੇ ਕਿਹਾ ਕਿ ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਆਗੂਆਂ ਨੇ ਕਿਹਾ ਹੈ ਕਿ ਅਸੀਂ ਹੁਣ ਭੋਜਨ ਪੰਜਾਬ ਦੀ ਧਰਤੀ 'ਤੇ ਹੀ ਜਾ ਕੇ ਕਰਾਂਗੇ। ਪਰ ਪੰਜਾਬ ਸਰਕਾਰ ਉਹਨਾਂ ਦੀ ਇਸ ਮੰਗ 'ਤੇ ਗੰਭੀਰ ਨਹੀਂ ਹੈ। ਇਮਾਨ ਸਿੰਘ ਖਾਰਾ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਮਾਮਲੇ ਵਿੱਚ ਦਖਲ ਦੇਣ ਅਤੇ ਇਹਨਾਂ ਨੌਜਵਾਨਾਂ ਦੀ ਮੰਗ ਪੂਰੀ ਕੀਤੀ ਜਾਵੇ। ਇਮਾਨ ਖਹਿਰਾ ਨੇ ਇਸ ਮੁੱਦੇ 'ਤੇ ਪੰਜਾਬ ਸਰਕਾਰ ਨਾਲ ਗੱਲ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵੀ ਮਦਦ ਮੰਗੀ ਹੈ। ਅੰਮ੍ਰਿਤਪਾਲ ਅਤੇ ਉਸ ਦੇ ਸਾਥੀਆਂ ਨਾਲ ਹੋ ਰਹੀ ਬੇਇਨਸਾਫ਼ੀ ਵਿਰੁੱਧ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਉਸ ਦੀ ਇੱਕੋ ਮੰਗ ਹੈ ਕਿ ਉਸ ਨੂੰ ਪੰਜਾਬ ਤਬਦੀਲ ਕੀਤਾ ਜਾਵੇ। ਡਿਬਰੂਗੜ੍ਹ ਜੇਲ੍ਹ ਪ੍ਰਸ਼ਾਸਨ ਵੱਲੋਂ ਉਸ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਬੈਰਕਾਂ ਅਤੇ ਪਖਾਨਿਆਂ ਵਿੱਚ ਸੀਸੀਟੀਵੀ ਕੈਮਰੇ ਵੀ ਲਗਾਏ ਗਏ ਹਨ। ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਆਗੂਆਂ ਵੱਲੋਂ ਰੱਖੀ ਭੁੱਖ ਹੜਤਾਲ ਕਾਰਨ ਉਹਨਾਂ ਦੇ ਪਰਿਵਾਰਾਂ ਨੇ ਵੀ ਅੰਮ੍ਰਿਤਸਰ ਵਿੱਚ ਭੁੱਖ ਹੜਤਾਲ ਰੱਖੀ ਹੈ। ਇਹ ਪਿਰਿਵਾਰ ਪਿਛਲੇ ਦੋ ਹਫਤਿਆਂ ਤੋਂ ਭੁੱਖ ਹੜਤਾਲ 'ਤੇ ਹਨ। ਇਹਨਾਂ ਦੀ ਮੰਗ ਹੈ ਕਿ ਜਦੋਂ ਤੱਕ ਉਹਨਾਂ ਦੇ ਪੁੱਤਰ ਭੁੱਖੇ ਹਨ ਅਸੀਂ ਵੀ ਭੁੱਖ ਹੜਤਾਲ 'ਤੇ ਰਹਾਂਗੇ।



## ਯੂਕ੍ਰੇਨ ਖ਼ਿਲਾਫ਼ ਜੰਗ ਲੜਣ ਲਈ ਮਜਬੂਰ ਹੋਏ 2 ਪੰਜਾਬੀ ਨੌਜਵਾਨ

**ਦੀਨਾਨਗਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ 2 ਨੌਜਵਾਨ ਆਪਣੇ ਅਤੇ ਪਰਿਵਾਰ ਦੇ ਸੁਨਹਿਰੀ ਭਵਿੱਖ ਲਈ ਲੱਖਾਂ ਰੁਪਏ ਖਰਚ ਕੇ ਰੂਸ ਗਏ ਸਨ। ਉੱਥੇ ਰੂਸ ਦੀ ਪੁਲਸ ਵੱਲੋਂ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤੇ ਹੁਣ ਜ਼ਬਰਦਸਤੀ ਯੂਕ੍ਰੇਨ ਖ਼ਿਲਾਫ਼ ਜੰਗ ਲੜਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਇਨ੍ਹਾਂ ਨੌਜਵਾਨਾਂ ਦੀ ਜ਼ਿੰਦਗੀ ਦਾਅ 'ਤੇ ਲਗਾ ਦਿੱਤੀ ਗਈ ਹੈ। ਸਰਹੱਦੀ ਖੇਤਰ ਦੀਨਾਨਗਰ ਦੇ ਪਿੰਡ ਅਵਾਖਾ ਦੇ ਇਕ ਗਰੀਬ ਪਰਿਵਾਰ ਦਾ ਰਵਨੀਤ ਸਿੰਘ ਆਪਣੇ ਪਰਿਵਾਰ ਦਾ ਭਵਿੱਖ ਸੁਰੱਖਿਅਤ ਕਰਨ ਲਈ ਇਕ ਏਜੰਟ ਨੂੰ 11 ਲੱਖ ਰੁਪਏ ਦਾ ਭੁਗਤਾਨ ਕਰਕੇ ਟੂਰਿਸਟ ਵੀਜ਼ੇ 'ਤੇ ਰੂਸ ਗਿਆ ਸੀ। ਜਦੋਂ ਉਹ ਸੈਰ ਕਰਨ ਲਈ ਬਾਹਰ ਨਿਕਲਿਆ ਤਾਂ ਰੂਸੀ ਪੁਲਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਇਸੇ ਤਰ੍ਹਾਂ ਹੀ ਦੀਨਾਨਗਰ ਦੇ ਅਧੀਨ ਪੈਂਡੇ ਪਿੰਡ ਜੰਡੇ ਦੇ ਵਿਕਰਮ ਨਾਲ ਵੀ ਹੋਇਆ। ਦੋਹਾਂ ਨੂੰ ਰੂਸੀ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਤੇ ਫ਼ੌਜੀ ਅਧਿਕਾਰੀਆਂ ਦੇ ਹਵਾਲੇ ਕਰ ਦਿੱਤਾ ਹੈ। ਰੂਸੀ ਸਿਪਾਹੀਆਂ ਨੇ ਉਨ੍ਹਾਂ ਨੂੰ ਜ਼ਬਰਦਸਤੀ ਫ਼ੌਜ ਵਿਚ ਭਰਤੀ ਕਰਵਾ ਦਿੱਤਾ ਹੈ ਤੇ ਹੁਣ ਉਨ੍ਹਾਂ ਨੂੰ ਯੂਕ੍ਰੇਨ ਖ਼ਿਲਾਫ਼ ਜੰਗ ਲੜਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਰੂਸ ਵਿਚ ਫਸੇ ਪਿੰਡ ਅਵਾਂਖਾ ਦੇ ਨੌਜਵਾਨ ਰਵਨੀਤ ਸਿੰਘ ਅਤੇ ਦੀਨਾਨਗਰ ਅਧੀਨ ਪੈਂਦੇ ਪਿੰਡ ਜੰਡੇ ਦੇ ਵਿਕਰਮ ਦੇ ਪੀੜਤ ਮਾਪਿਆਂ ਨੇ ਕੇਂਦਰ ਅਤੇ ਰਾਜ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੇ ਬੱਚਿਆਂ ਨੂੰ ਭਾਰਤ ਵਾਪਸ ਲਿਆਂਦਾ ਜਾਵੇ। ਪੀੜਤ ਰਵਨੀਤ ਸਿੰਘ ਦੀ ਮਾਂ ਅਤੇ ਭੈਣ ਨੇ ਦੱਸਿਆ ਕਿ ਅਸੀਂ ਬਹੁਤ ਗਰੀਬ ਹਾਂ ਅਤੇ ਅਸੀਂ 11 ਲੱਖ ਰੁਪਏ ਦਾ ਕਰਜ਼ਾ ਲੈ ਕੇ ਆਪਣੇ ਲੜਕੇ ਨੂੰ ਟੂਰਿਸਟ ਵਿਜੇ 'ਤੇ ਵਿਦੇਸ਼ ਭੇਜਿਆ ਸੀ ਅਤੇ ਏਜੰਟ ਨੇ ਵਾਅਦਾ ਕੀਤਾ ਸੀ ਕਿ ਅਸੀਂ ਉਸ ਨੂੰ ਕਿਸੇ ਚੰਗੇ ਦੇਸ਼ 'ਚ ਕੰਮ ਕਰਨ ਲਈ ਭੇਜਾਂਗੇ।



ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਸੁਖਬੀਰ ਬਾਦਲ ਵੱਲੋਂ ਪਾਰਟੀ ਦੇ ਬੀ.ਸੀ. ਵਿੰਗ ਦੇ ਅਹੁਦੇਦਾਰਾਂ ਦਾ ਐਲਾਨ

**ਚੰਡੀਗੜ੍ਹ, 6 ਮਾਰਚ (ਆਵਾਜਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਪੱਛੜੀਆਂ ਸ਼੍ਰੇਣੀਆਂ ਵਿੰਗ (ਬੀ.ਸੀ. ਵਿੰਗ) ਦੇ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਬੀ.ਸੀ ਵਿੰਗ ਦੇ ਅਹੁਦੇਦਾਰਾਂ ਅਤੇ ਜ਼ਿਲ੍ਹਾ ਪ੍ਰਧਾਨਾਂ ਦਾ ਐਲਾਨ ਕਰ ਦਿੱਤਾ ਹੈ। ਅੱਜ ਪਾਰਟੀ ਦੇ ਮੁੱਖ ਦਫਤਰ ਤੋਂ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਪਾਰਟੀ ਦੇ ਬੀ.ਸੀ. ਵਿੰਗ ਦੇ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਨੇ ਦੱਸਿਆ ਕਿ ਪਾਰਟੀ ਨਾਲ ਲੰਮੇ ਸਮੇਂ ਤੋਂ ਜੁੜੇ ਅਤੇ ਮਿਹਨਤੀ ਆਗੂਆਂ ਨੂੰ ਬੀ.ਸੀ. ਵਿੰਗ ਵਿਚ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਆਗੂਆਂ ਨੂੰ ਬੀ.ਸੀ ਵਿੰਗ ਦਾ ਸੀਨੀਅਰ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਨ੍ਹਾਂ ਵਿੱਚ ਹਰੀ ਸਿੰਘ ਪ੍ਰੀਤ ਟਰੈਕਟਰ ਨਾਭਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ ਅੰਮ੍ਰਿਤਸਰ, ਭਾਈ ਰਾਮ ਸਿੰਘ ਮੈਂਬਰ ਐੱਸ.ਜੀ.ਪੀ.ਸੀ ਅੰਮ੍ਰਿਤਸਰ, ਅਮਰਜੀਤ ਸਿੰਘ ਬਿੱਟੂ ਕਿਸ਼ਨਪੁਰਾ ਜਲੰਧਰ, ਦਰਸ਼ਨ ਸਿੰਘ ਸੁਲਤਾਨਵਿੰਡ ਅੰਮ੍ਰਿਤਸਰ, ਜਰਨੈਲ ਸਿੰਘ ਡੋਗਰਾਂਵਾਲਾ ਮੈਂਬਰ ਐੱਸ.ਜੀ.ਪੀ.ਸੀ, ਗੁਰਦੀਪ ਸਿੰਘ ਲੰਬੀ, ਕਸ਼ਮੀਰ ਸਿੰਘ ਗੰਡੀਵਿੰਡ ਸਾਬਕਾ ਮੈਂਬਰ ਐੱਸ.ਜੀ.ਪੀ.ਸੀ, ਮੁਖਤਿਆਰ ਸਿੰਘ ਚੀਮਾ ਲੁਧਿਆਣਾ ਅਤੇ ਗੁਰਦੀਪ ਸਿੰਘ ਸ਼ੇਖਪੁਰਾ ਦੇ ਨਾਮ ਸ਼ਾਮਲ ਹਨ।



ਜਿਨ੍ਹਾਂ ਆਗੂਆਂ ਨੂੰ ਬੀ.ਸੀ. ਵਿੰਗ ਦਾ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਨ੍ਹਾਂ ਵਿੱਚ ਜੋਗਿੰਦਰ ਸਿੰਘ ਸੁਰਜੀਤ ਬੱਸ ਸਰਵਿਸ ਫਿਰੋਜ਼ਪੁਰ, ਮਲਕੀਤ ਸਿੰਘ ਮਠਾੜੂ ਬਸੀ ਪਠਾਣਾ, ਸੁਖਵਿੰਦਰ ਸਿੰਘ ਦਾਨੀਪੁਰ ਸਮਾਣਾ, ਹਰਦਿਆਲ ਸਿੰਘ ਭੱਟੀ ਪਟਿਆਲਾ, ਠੇਕੇਦਾਰ ਗੁਰਨਾਮ ਸਿੰਘ ਸ੍ਰੀ ਅਨੰਦਪੁਰ ਸਾਹਿਬ, ਪਰਵਿੰਦਰ ਸਿੰਘ ਸਮਰਾਲਾ, ਮੱਖਣ ਸਿੰਘ ਚੌਹਾਨ, ਸੁਰਜੀਤ ਸਿੰਘ ਪਠਾਨਕੋਟ, ਸੁੱਚਾ ਸਿੰਘ ਧਰਮੀ ਫੌਜੀ ਅੰਮ੍ਰਿਸਤਰ, ਸੰਤੋਖ ਸਿੰਘ ਸੈਣੀ ਨਵਾਂਸਹਿਰ, ਕੁਲਵੀਰ ਸਿੰਘ ਸੋਨੂੰ ਮੋਰਿੰਡਾ, ਸਵਰਨਜੀਤ ਸਿੰਘ ਬੌਬੀ ਰੋਪੜ੍ਹ, ਜੈ ਸਿੰਘ ਬਾੜਾ ਫਤਿਹਗੜ੍ਹ ਸਾਹਿਬ, ਜਸਵਿੰਦਰ ਸਿੰਘ ਜੈਲਦਾਰ ਰਾਜਪੁਰਾ ਅਤੇ ਕੁਲਤਾਰ ਸਿੰਘ ਕੰਡਾ ਜਲੰਧਰ ਦੇ ਨਾਮ ਸ਼ਾਮਲ ਹਨ। ਜਥੇਦਾਰ ਗਾਬੜੀਆ ਨੇ ਦੱਸਿਆ ਕਿ ਜਿਨ੍ਹਾਂ ਆਗੂਆਂ ਨੂੰ ਪੱਛੜੀਆਂ ਸ਼੍ਰੇਣੀਆਂ ਵਿੰਗ ਦਾ ਜਨਰਲ ਸਕੱਤਰ ਬਣਾਇਆ ਗਿਆ ਹੈ ਉਨ੍ਹਾਂ ਵਿਚ ਸੁੱਚਾ ਸਿੰਘ ਸੁਚੇਤਗੜ੍ਹ ਗੁਰਦਾਸਪੁਰ, ਭੂਪਿੰਦਰ ਸਿੰਘ ਜਾਡਲਾ ਨਵਾਂਸਹਿਰ, ਨਰਿੰਦਰ ਸਿੰਘ ਸੇਖਵਾਂ ਗੁਰਦਾਸਪੁਰ, ਨਰਿੰਦਰਪਾਲ ਸਿੰਘ ਮੋਗਾ, ਰਜਿੰਦਰ ਸਿੰਘ ਜੀਤ ਖੰਨਾ, ਹਰਪਾਲ ਸਿੰਘ ਸਰਾਓ ਰਾਜਪੁਰਾ, ਗੁਰਚਰਨ ਸਿੰਘ ਕੜਵਲ ਡੇਰਾਬਸੀ ਅਤੇ ਗੁਰਦਿਆਲ ਸਿੰਘ ਖਾਲਸਾ ਸੁਲਤਾਨਪੁਰ ਲੋਧੀ ਦੇ ਨਾਮ ਸ਼ਾਮਲ ਹਨ।

ਜਥੇਦਾਰ ਗਾਬੜੀਆ ਨੇ ਦੱਸਿਆ ਕਿ ਜਿਨ੍ਹਾਂ ਆਗੂਆਂ ਨੂੰ ਜ਼ਿਲ੍ਹਾ ਪ੍ਰਧਾਨ ਬਣਾਇਆ ਗਿਆ ਹੈ ਉਨ੍ਹਾਂ ਵਿੱਚ ਨਰਿੰਦਰ ਸਿੰਘ ਬਿੱਟੂ ਜ਼ਿਲਾ ਪ੍ਰਧਾਨ ਅੰਮ੍ਰਿਤਸਰ (ਸ਼ਹਿਰੀ), ਲਾਭ ਸਿੰਘ ਐਵਰਸ਼ਾਈਨ ਪ੍ਰਧਾਨ ਜ਼ਿਲ੍ਹਾ ਬਠਿੰਡਾ (ਸ਼ਹਿਰੀ), ਸੁਰਿੰਦਰਪਾਲ ਸਿੰਘ ਜੌੜਾ ਪ੍ਰਧਾਨ ਬਠਿੰਡਾ (ਦਿਹਾਤੀ), ਹਰਬੰਸ ਸਿੰਘ ਹੰਸਪਾਲ ਪ੍ਰਧਾਨ ਪੁਲਸ ਜ਼ਿਲ੍ਹਾ ਬਟਾਲਾ (ਸ਼ਹਿਰੀ), ਜਤਿੰਦਰ ਸਿੰਘ ਲੰਧਾ ਪ੍ਰਧਾਨ ਪੁਲਸ ਜ਼ਿਲ੍ਹਾ ਬਟਾਲਾ (ਦਿਹਾਤੀ), ਰਣਜੀਤ ਸਿੰਘ ਨੰਗਲ ਕੋਟਲੀ ਪ੍ਰਧਾਨ ਜ਼ਿਲ੍ਹਾ ਗੁਰਦਾਸਪੁਰ (ਦਿਹਾਤੀ), ਸਤਨਾਮ ਸਿੰਘ ਬੰਟੀ ਚੱਗਰਾਂ ਪ੍ਰਧਾਨ ਜ਼ਿਲ੍ਹਾ ਹੁਸ਼ਿਆਰਪੁਰ (ਸ਼ਹਿਰੀ), ਸੁਰਜੀਤ ਸਿੰਘ ਕੈਰੇ ਦਸੂਹਾ ਪ੍ਰਧਾਨ ਜ਼ਿਲ੍ਹਾ ਹੁਸ਼ਿਆਰਪੁਰ (ਦਿਹਾਤੀ), ਰਾਜਵੰਤ ਸਿੰਘ ਸੁੱਖਾ ਪ੍ਰਧਾਨ ਜ਼ਿਲ੍ਹਾ ਜਲੰਧਰ (ਸ਼ਹਿਰੀ), ਬਲਵਿੰਦਰ ਸਿੰਘ ਅਵਾਲੀ ਪ੍ਰਧਾਨ ਜਲੰਧਰ (ਦਿਹਾਤੀ), ਦਰਸ਼ਨ ਸਿੰਘ ਦਰਸ਼ਨ ਸਿੰਘ ਮੱਲੋ ਕਾਦਾਰਬਾਦ ਪ੍ਰਧਾਨ ਜ਼ਿਲ੍ਹਾ ਕਪੂਰਥਲਾ, ਹਰਮੀਤ ਸਿੰਘ ਪ੍ਰਧਾਨ ਜ਼ਿਲ੍ਹਾ ਪਟਿਆਲਾ (ਸ਼ਹਿਰੀ), ਜਤਿੰਦਰ ਸਿੰਘ ਰੋਮੀ ਪ੍ਰਧਾਨ ਜ਼ਿਲ੍ਹਾ ਪਟਿਆਲਾ (ਦਿਹਾਤੀ ਪੂਰਬੀ), ਜਸਵਿੰਦਰ ਸਿੰਘ ਫਰੀਦਾ ਨਗਰ ਪ੍ਰਧਾਨ ਜ਼ਿਲ੍ਹਾ ਪਠਾਨਕੋਟ (ਦਿਹਾਤੀ), ਵਿਸ਼ਾਲ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਪਠਾਨਕੋਟ, ਹੇਮ ਰਾਜ ਝਾਂਡੀਆਂ ਪ੍ਰਧਾਨ ਜ਼ਿਲ੍ਹਾ ਰੂਪਨਗਰ, ਜਥੇਦਾਰ ਤਾਰਾ ਸਿੰਘ ਸੇਖੂਪੁਰ ਪ੍ਰਧਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਸ਼ਹਿਰੀ) ਅਤੇ ਸੁਖਪਾਲ ਸਿੰਘ ਗਾਬੜੀਆ ਪ੍ਰਧਾਨ ਜ਼ਿਲ੍ਹਾ ਤਰਨ ਤਾਰਨ ਦੇ ਨਾਮ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਬਲਵੀਰ ਸਿੰਘ ਇੰਜੀਨੀਅਰ ਅੰਬਾਲਾ ਨੂੰ ਹਰਿਆਣਾ ਸਟੇਟ ਦਾ ਪ੍ਰਧਾਨ ਬਣਾਇਆ ਗਿਆ ਹੈ, ਅਵਤਾਰ ਸਿੰਘ ਮਨੀਮਾਜਰਾ ਨੂੰ ਚੰਡੀਗੜ੍ਹ ਯੂ.ਟੀ ਦਾ ਪ੍ਰਧਾਨ ਬਣਾਇਆ ਗਿਆ ਹੈ। ਇਸੇ ਤਰਾਂ ਦਲਜੀਤ ਸਿੰਘ ਗੋਂਦੂ ਕੈਨੇਡਾ ਉੱਤਰੀ ਦਾ ਪ੍ਰਧਾਨ ਬਣਾਇਆ ਗਿਆ ਹੈ। ਜਥੇਦਾਰ ਹੀਰਾ ਸਿੰਘ ਗਾਬੜੀਆ ਨੇ ਦੱਸਿਆ ਕਿ ਬਾਕੀ ਰਹਿੰਦੇ ਅਹੁਦੇਦਾਰ ਅਤੇ ਜ਼ਿਲ੍ਹਾ ਪ੍ਰਧਾਨਾਂ ਦਾ ਐਲਾਨ ਵੀ ਜਲਦੀ ਕਰ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

## ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

**23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।**

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ਸ਼ੇਅਰ ਜ਼ਰੂਰੀ ਕਰਨਾ ਜੀ

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**




# ਭੁੱਖ ਹੜਤਾਲ ਤੇ ਬੈਠੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਬੰਦੀ ਸਿੰਘਾਂ ਦਾ ਕੋਈ ਹੋਇਆ ਨੁਕਸਾਨ ਤਾਂ ਭਗਵੰਤ ਮਾਨ ਹੋਵੇਗਾ ਜ਼ੁੰਮੇਵਾਰ : ਭਾਈ ਮੁਠੱਡਾ

## ਤਖਤਾਂ ਦੇ ਜਥੇਦਾਰ ਕਮਰਿਆਂ ਵਿੱਚ ਬੈਠ ਕੇ ਬਿਆਨ ਦਾਗਣ ਦੀ ਬਜਾਏ ਅੱਗੇ ਲੱਗ ਕੇ ਸਿੱਖ ਕੌਮ ਨੂੰ ਦੇਣ ਕੋਈ ਠੋਸ ਪ੍ਰੋਗਰਾਮ: ਢਿੱਲੋਂ, ਨਡਾਲੋਂ

ਜਰਮਨੀ : ਪਿਛਲੇ ਇੱਕ ਸਾਲ ਤੋਂ ਅਸਾਮ ਦੀ ਡਿਬਰੂਗੜ੍ਹ ਜੇਲ ਵਿੱਚ ਐਨ ਐਸ ਏ ਦੇ ਅਧੀਨ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨਾਂ ਦੇ ਸਾਥੀ ਸਿੰਘ ਜਿਨਾਂ ਵੱਲੋਂ ਪੰਜਾਬ ਵਿੱਚ ਜੇਲ੍ਹ ਬਦਲੀ ਨੂੰ ਲੈ ਕੇ ਕੁਝ ਦਿਨਾਂ ਤੋਂ ਜੇਲ ਵਿੱਚ ਭੁੱਖ ਹੜਤਾਲ ਰੱਖੀ ਹੋਈ ਹੈ ਜੇਕਰ ਆਉਣ ਵਾਲੇ ਦਿਨਾਂ ਵਿੱਚ ਕਿਸੇ ਵੀ ਬੰਦੀ ਸਿੰਘ ਦਾ ਕੋਈ ਨੁਕਸਾਨ ਹੋਇਆ ਤਾਂ ਇਸ ਲਈ ਸਿੱਧੇ ਤੌਰ ਤੇ ਪੰਜਾਬ ਸਰਕਾਰ ਅਤੇ ਕੇਂਦਰ ਦੀ ਸਰਕਾਰ ਜਿੰਮੇਵਾਰ ਹੋਵੇਗੀ ਇਸ ਸਬੰਧੀ ਮੀਡੀਆ ਨੂੰ ਬਿਆਨ ਜਾਰੀ ਕਰਦੇ ਹੋਏ ਇੰਗਲੈਂਡ ਵਿੱਚ ਪਿਛਲੇ ਲੰਬੇ ਸਮੇਂ ਤੋਂ ਜਲਾਵਤਨੀ ਕੱਟ ਰਹੇ ਸਿੱਖ ਫੈਡਰੇਸ਼ਨ ਯੂ ਕੇ ਦੇ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ , ਜਰਮਨੀ ਤੋਂ ਭਾਈ ਗੁਰਵਿੰਦਰ ਸਿੰਘ ਨਡਾਲੋ, ਯੂ ਕੇ ਤੋਂ ਭਾਈ ਬਲਵਿੰਦਰ ਸਿੰਘ ਢਿੱਲੋ, ਬੈਲਜੀਅਮ ਤੋਂ ਭਾਈ ਗੁਰਦਿਆਲ ਸਿੰਘ ਢਕਾਣਸੂ, ਅਮਰੀਕਾ ਤੋਂ ਗੁਰਮੇਲ ਸਿੰਘ ਢੇਸੀ ਨੇ ਕਿਹਾ ਕਿ ਬੜੀ ਸ਼ਰਮ ਦੀ ਗੱਲ ਹੈ ਕਿ ਇੰਨੇ ਦਿਨ ਬੀਤਣ ਦੇ ਬਾਵਜੂਦ ਵੀ ਨਾ ਹੀ ਪੰਜਾਬ ਸਰਕਾਰ ਅਤੇ ਨਾ ਹੀ ਕੇਂਦਰ ਸਰਕਾਰ ਦੇ ਕੰਨ ਤੇ ਜੂੰ ਸਰਕੀ ਹੈ ਜਦਕਿ ਬੰਦੀ ਸਿੰਘਾਂ ਦੇ ਪਰਿਵਾਰਿਕ ਮੈਂਬਰਾਂ ਵੱਲੋਂ ਵੀ ਅੰਮ੍ਰਿਤਸਰ ਵਿੱਚ ਭੁੱਖ ਹੜਤਾਲ ਰੱਖੀ ਹੋਈ ਹੈ ਉਨਾਂ ਨੂੰ ਵੀ ਪੰਥਕ ਜਥੇਬੰਦੀਆਂ ਤੇ ਆਮ ਸੰਗਤ ਵੱਲੋਂ ਬਹੁਤ ਸੀਮਤ ਹੁੰਗਾਰਾ ਮਿਲਣ ਤੇ ਨਰਾਜਗੀ ਪ੍ਰਗਟ ਕਰਦਿਆਂ ਜਲਾਵਤਨੀ ਸਿੱਖ ਆਗੂਆਂ ਨੇ ਸਮੂਹ ਪੰਥਕ ਜਥੇਬੰਦੀਆਂ ਟਕਸਾਲਾਂ, ਦਲ ਪੰਥ, ਸ਼੍ਰੋਮਣੀ ਕਮੇਟੀ, ਅਤੇ ਤਖਤਾਂ ਦੇ ਜਥੇਦਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਜਲਦੀ ਤੋਂ ਜਲਦੀ ਇਕੱਠੇ ਹੋ ਕੇ ਕੋਈ ਠੋਸ ਪ੍ਰੋਗਰਾਮ ਉਲੀਕਣ ਜੇਕਰ ਆਉਣ ਵਾਲੇ ਸਮੇਂ ਵਿੱਚ ਕਿਸੇ ਵੀ ਸਿੰਘ ਦਾ ਕੋਈ ਨੁਕਸਾਨ ਹੁੰਦਾ ਹੈ ਤਾਂ ਉਸ ਲਈ ਸਰਕਾਰਾਂ ਤਾਂ ਸਿੱਧੇ ਤੌਰ ਤੇ ਜਿੰਮੇਵਾਰ ਹੀ ਹਨ ਉਹਨਾਂ ਲਈ ਅਸੀਂ ਵੀ ਸਿੱਖ ਕੌਮ ਉਨੇ ਹੀ ਗੁਨਾਹਗਾਰ ਹੋਵਾਂਗੇ ਜੇਕਰ ਅਸੀਂ ਅੱਜ ਉਨਾਂ ਬੰਦੀ ਸਿੰਘਾਂ ਦੇ ਹੱਕ ਵਿੱਚ ਨਾਂ ਖੜੇ ਤਖਤਾਂ ਦੇ ਜਥੇਦਾਰ ਕਮਰਿਆਂ ਵਿੱਚ ਬੈਠ ਕੇ ਬਿਆਨ ਦਾਗਣ ਤੱਕ ਹੀ ਸੀਮਤ ਨਾ ਰਹਿਣ ਅੱਗੇ ਲੱਗ ਕੇ ਸਿੱਖ ਕੌਮ ਨੂੰ ਕੋਈ ਪ੍ਰੋਗਰਾਮ ਦੇਣ ਉਪਰੋਕਤ ਖਾਲਿਸਤਾਨੀ ਆਗੂਆਂ ਨੇ ਬੜੇ ਸਖਤ ਲਹਿਜੇ ਵਿੱਚ ਸਰਕਾਰਾਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਪੂਰੀ ਸਿੱਖ ਕੌਮ ਭਾਈ ਅੰਮ੍ਰਿਤਪਾਲ ਸਿੰਘ ਤੇ ਸਮੂਹ ਬੰਦੀ ਸਿੰਘਾਂ ਦੇ ਹੱਕ ਵਿੱਚ ਖੜੀ ਹੈ ਸਰਕਾਰਾਂ ਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਜੇਕਰ ਕਿਸੇ ਵੀ ਬੰਦੀ ਸਿੰਘ ਦਾ ਨੁਕਸਾਨ ਹੁੰਦਾ ਹੈ ਤਾਂ ਸਰਕਾਰ ਵੱਲੋਂ ਹਾਲਾਤਾਂ ਤੇ ਕਾਬੂ ਪਾਉਣਾ ਬਹੁਤ ਮੁਸ਼ਕਿਲ ਹੋ ਜਾਵੇਗਾ। ਇਸ ਲਈ ਜਲਦੀ ਤੋਂ ਜਲਦੀ ਭਾਈ ਅਮਿਤਪਾਲ ਸਿੰਘ ਅਤੇ ਉਨਾਂ ਦੇ ਸਾਥੀਆਂ ਨੂੰ ਪੰਜਾਬ ਦੀ ਜੇਲ ਵਿੱਚ ਤਬਦੀਲ ਕੀਤਾ ਜਾਵੇ ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਬੰਦੀ ਸਿੰਘਾਂ ਦੇ ਹੱਕ ਵਿੱਚ ਵਿਦੇਸ਼ਾਂ ਦੀ ਧਰਤੀ ਤੇ ਹੋਰ ਰੋਹ ਪ੍ਰਦਰਸ਼ਨ ਤੇਜ਼ ਕੀਤੇ ਜਾਣਗੇ।





ਆਵਾਜ਼ਿ ਕੌਮ AWAZE QAUM International Newspaper & WEB TV

## ਆਪਣੇ ਪਰਿਵਾਰ ਵਾਂਗ ਗੁਰੂ ਨਗਰੀ ਅੰਮ੍ਰਿਤਸਰ ਦੀ ਸੇਵਾ ਨੂੰ ਸਮਰਪਿਤ ਹਾਂ : ਅੰਬੈਸਡਰ ਤਰਨਜੀਤ ਸਿੰਘ ਸੰਧੂ

# ਸੰਧੂ 'ਚ ਗੁਰੂ ਨਗਰੀ ਦੇ ਵਿਕਾਸ ਪ੍ਰਤੀ ਜਨੂੰਨ ਹੈ, ਅਸੀਂ ਹਰਾਰਤ ਸਾਥ ਦਿਆਂਗੇ : ਕੋਹਲੀ, ਮੰਮਣਕੇ ਤੇ ਸਰੀਨ





**ਅੰਮ੍ਰਿਤਸਰ 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਵਿਚ ਭਾਰਤੀ ਸਫ਼ੀਰ ਰਹੇ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਅੰਮ੍ਰਿਤਸਰ ਆਪਣੇ ਗ੍ਰਹਿ ਸਮੁੰਦਰੀ ਹਾਊਸ ਵਿਖੇ ਸ਼ਹਿਰ ਦੇ ਪਤਵੰਤੇ ਮੁਹਤਬਰ ਸੱਜਣਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਆਪਣੇ ਪਰਿਵਾਰ ਵਾਂਗ ਗੁਰੂ ਨਗਰੀ ਅੰਮ੍ਰਿਤਸਰ ਦੀ ਸੇਵਾ ਕਰਨਾ ਚਾਹੁੰਦਾ ਹਾਂ। ਉਨ੍ਹਾਂ ਸ਼ਹਿਰ ਦੇ ਵਿਕਾਸ ਲਈ ਸਾਰਿਆਂ ਦਾ ਸਹਿਯੋਗ ਮੰਗਦਿਆਂ ਕਿਹਾ ਕਿ ਉਸ ਕੋਲ ਗੁਰੂ ਨਗਰੀ ਦੇ ਵਿਕਾਸ ਲਈ ਇੱਕ ਖ਼ਾਸ ਨਜ਼ਰੀਆ ਅਤੇ ਯੋਜਨਾਵਾਂ ਹਨ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਅਤੇ ਅੰਮ੍ਰਿਤਸਰ ਦੇ ਨੌਜਵਾਨਾਂ ਨੂੰ ਵਿਦੇਸ਼ ਜਾਣ ਦੀ ਬਜਾਏ ਅੰਮ੍ਰਿਤਸਰ ਵਿੱਚ ਰਹਿ ਕੇ ਕੰਮ ਕਰਨ ਅਤੇ ਪੈਸਾ ਕਮਾਉਣ ਲਈ ਰੁਜ਼ਗਾਰ ਪ੍ਰਦਾਨ ਕਰਾਂਗੇ। ਅੰਬੈਸਡਰ ਸੰਧੂ ਨੇ ਯਕੀਨੀ ਤੌਰ 'ਤੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕੰਮ ਕਰਨ ਦੇ ਤਰੀਕੇ ਤੋਂ ਬਹੁਤ ਪ੍ਰਭਾਵਿਤ ਹਨ ਅਤੇ ਉਸ ਤੋਂ ਗੁਰੂ ਨਗਰੀ ਦੇ ਹਿਤਾਂ ਲਈ ਵੱਧ ਤੋਂ ਵੱਧ ਮੌਕੇ ਪ੍ਰਾਪਤ ਕਰਾਂਗੇ। ਸਰਦਾਰ ਸੰਧੂ ਨੇ ਕਿਹਾ ਕਿ ਜਦੋਂ ਤੋਂ ਮੋਦੀ ਪ੍ਰਧਾਨ ਮੰਤਰੀ ਬਣੇ ਉਨ੍ਹਾਂ ਨੂੰ ਦਸ ਸਾਲ ਕੰਮ ਕਰਨ ਦਾ ਮੌਕਾ ਮਿਲਿਆ ਜਿਸ ਦੌਰਾਨ ਭਾਰਤ ਅਮਰੀਕਾ ਰਿਸ਼ਤਾ ਭਾਈਵਾਲੀ ਵਿੱਚ ਬਦਲ ਗਿਆ। ਹੁਣ ਭਾਰਤ ਬਹੁਤ ਤਰੱਕੀ ਕਰ ਚੁੱਕਾ ਹੈ। ਉਨ੍ਹਾਂ ਕਿਹਾ ਕਿ ਮੇਰੇ ਦਾਦਾ ਤੇਜਾ ਸਿੰਘ ਸਮੁੰਦਰੀ ਨੇ ਫ਼ੌਜ ਦੀ ਨੌਕਰੀ ਛੱਡ ਕੇ ਵਾਪਸ ਪਰਤ ਕੇ ਪੰਥ ਦੀ ਸੇਵਾ ਕਰਨੀ ਠੀਕ ਸਮਝੀ, ਇਸ ਦੇ ਬਾਵਜੂਦ ਮੇਰੇ ਮਾਤਾ-ਪਿਤਾ ਵੀ ਅਮਰੀਕਾ ਤੋਂ ਉੱਚ ਵਿੱਦਿਆ ਪ੍ਰਾਪਤ ਕਰਕੇ ਅੰਮ੍ਰਿਤਸਰ ਆਕੇ ਸ਼ਹਿਰ ਦੀ ਸ਼ੇਵਾ ਕੀਤੀ। ਉਨ੍ਹਾਂ ਕਿਹਾ ਕਿ ਮੇਰੀ ਵੀ ਭਾਵਨਾ ਅੰਮ੍ਰਿਤਸਰ ਦੀ ਸੇਵਾ ਕਰਨ ਦੀ ਹੈ। ਪ੍ਰੋ. ਸਰਚਾਂਦ ਸਿੰਘ ਨੇ ਦੱਸਿਆ ਕਿ ਇਸ ਮੌਕੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਭਰਾਤਾ ਅਤੇ ਭਾਜਪਾ ਆਗੂ ਦਲਜੀਤ ਸਿੰਘ ਕੋਹਲੀ, ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਗੁਰਵਿੰਦਰ ਸਿੰਘ ਮੰਮਣਕੇ, ਪੰਜਾਬ ਵਪਾਰ ਅਤੇ ਉਦਯੋਗ ਮੰਡਲ ਦੇ ਆਗੂ ਰਜਿੰਦਰ ਸਿੰਘ ਮਰਵਾਹਾ, ਸੁਖਵਿੰਦਰ ਸਿੰਘ ਸ਼ੇਖਭਟੀ, ਸੁਖਵਿੰਦਰ ਸਿੰਘ ਰੰਧਾਵਾ, ਸੁਖਵਿੰਦਰ ਸਿੰਘ ਕੋਹਲੀ, ਆਲਮਬੀਰ ਸਿੰਘ ਸੰਧੂ, ਧਰਮਵੀਰ ਸਰੀਨ, ਰਾਮ ਸ਼ਰਨ ਪ੍ਰਾਸ਼ਰ, ਅਰੁਣ ਸ਼ਰਮਾ, ਬਲਜਿੰਦਰ ਸਿੰਘ ਨੇਪਾਲ, ਰਾਜਨ ਕਪੂਰ, ਹਰਪਾਲ ਸਿੰਘ ਆਹਲੂਵਾਲੀਆ ਵਪਾਰ ਮੰਡਲ ਮਾਝਾ ਜ਼ੋਨ ਨੇ ਸਾਂਝੇ ਰੂਪ 'ਚ ਕਿਹਾ ਕਿ ਉਹ ਸਭ ਅੰਬੈਸਡਰ ਤਰਨਜੀਤ ਸਿੰਘ ਸੰਧੂ ਨੂੰ ਸ਼ਹਿਰ ਦੇ ਵਿਕਾਸ ਲਈ ਹਰ ਤਰਾਂ ਸਹਿਯੋਗ ਦੇਣਗੇ। ਉਨ੍ਹਾਂ ਕਿਹਾ ਕਿ ਸਰਦਾਰ ਸੰਧੂ ਦੇ ਦਾਦਾ ਤੇਜਾ ਸਿੰਘ ਸਮੁੰਦਰੀ ਦਾ ਧਾਰਮਿਕ ਇਤਿਹਾਸ ਬਹੁਤ ਵੱਡਾ ਹੈ, ਜਦੋਂ ਕਿ ਉਨ੍ਹਾਂ ਦੇ ਪਿਤਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪਹਿਲੇ ਵਾਈਸ ਚਾਂਸਲਰ ਸਨ ਅਤੇ ਮਾਤਾ ਨੇ ਵੀ ਸਿੱਖਿਆ ਦੇ ਖੇਤਰ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਹੈ। ਆਗੂਆਂ ਨੇ ਕਿਹਾ ਕਿ ਇਸ ਸ਼ਹਿਰ ਦੀ ਮਿੱਟੀ ਦੇ ਪੁੱਤਰ ਸਰਦਾਰ ਸੰਧੂ ਅਮਰੀਕਾ ਵਰਗੇ ਵਿਕਸਿਤ ਦੇਸ਼ ਨੂੰ ਛੱਡ ਕੇ ਅੰਮ੍ਰਿਤਸਰ ਵਿੱਚ ਸੇਵਾ ਕਰਦੇ ਹਨ ਤਾਂ ਇਹ ਸਾਡੇ ਲਈ ਖ਼ੁਸ਼ਨਸੀਬੀ ਹੈ। ਉਨ੍ਹਾਂ ਕਿਹਾ ਕਿ ਸਰਦਾਰ ਸੰਧੂ ਨੇ ਅਮਰੀਕਾ ਵਰਗੇ ਦੇਸ਼ 'ਚ ਦਸਤਾਰ ਦੀ ਜੋ ਪਹਿਚਾਣ ਬਣਾਈ ਉਹ ਹਰ ਸਿੱਖ ਲਈ ਬਹੁਤ ਮਾਣ ਵਾਲੀ ਗੱਲ ਹੈ, ਜਿਸ ਨੂੰ ਅਮਰੀਕਾ ਦੇ ਪ੍ਰੈਜ਼ੀਡੈਂਟ ਜੋਅ ਬਿਡੇਨ ਵੀ ਸਰਦਾਰ ਸੰਧੂ ਦੀ ਤਾਰੀਫ਼ ਕਰਦੇ ਰਹੇ ਹਨ। ਉਨ੍ਹਾਂ ਕਿਹਾ ਕਿ ਸਰਦਾਰ ਸੰਧੂ ਬੇਦਾਗ. ਅਤੇ ਇਮਾਨਦਾਰ ਸ਼ਖ਼ਸੀਅਤ ਦੇ ਮਾਲਕ ਹਨ ਅਤੇ ਆਪਣੇ ਅਸਰ ਰਸੂਖ਼ ਨੂੰ ਸ਼ਹਿਰ ਅਤੇ ਲੋਕਾਂ ਦੇ ਫ਼ਾਇਦੇ ਲਈ ਉਪਯੋਗ ਕਰ ਸਕਦੇ ਹਨ। ਇਸ ਮੌਕੇ ਤਰਨਜੀਤ ਸਿੰਘ ਸੰਧੂ ਨੂੰ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV




KATHA PROGRAMME
ਆਵਾਜ਼ ਕੌਮ AWAZE QAUM
International Newspaper & WEB TV
4-10 MAR
7:30-8:15 PM
ਸੰਤ ਬਾਬਾ ਬੇਅੰਤ ਸਿੰਘ ਜੀ
ਬੇਰ ਕਲਾਂ ਵਾਲੇ
NANAKSAR THATH ISHER DARBAR
WOLVERHAMPTON


24 SERVICE EVERYDAY
100% VEGETARIAN
PURE AND NATURAL
Enjoy Real Taste of PUNJAB
KD
FULLY A.C. HALL
Khehra
VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori
Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757
We Accept Online & Card Payment


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਆਵਾਜ਼ਿ ਕੌਮ AWAZE QAUM International Newspaper & WEB TV
ਸਲਾਨਾ ਜੋੜ ਮੇਲਾ
ਕੌਮੀ ਜਰਨੈਲ ਅਤੇ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਲਾਨਾ ਜੋੜ ਮੇਲਾ 6 ਮਾਰਚ 2024 ਦਿਨ ਬੁੱਧਵਾਰ ਗੁਰਦੁਆਰਾ ਖਾਲਸਾ ਦਰਬਾਰ ਪਿੰਡ ਭੂਰਾ ਕੋਹਨਾ (ਨੇੜੇ ਖੇਮਕਰਨ) ਵਿਖੇ ਮਨਾਇਆ ਜਾ ਰਿਹਾ ਹੈ।
ਸਮੂਹ ਸੰਗਤਾਂ ਨੇ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।
ਭਾਈ ਮਨਜੀਤ ਸਿੰਘ
ਭ੍ਰਾਤਾ ਭਾਈ ਅਮਰੀਕ ਸਿੰਘ ਜੀ
ਮੈਂਬਰ ਐੱਸ ਜੀ ਪੀ ਸੀ
ਭਾਈ ਤਰਲੋਚਨ ਸਿੰਘ (USA)
ਸਪੁੱਤਰ ਭਾਈ ਅਮਰੀਕ ਸਿੰਘ ਜੀ
ਭਾਈ ਕੰਵਰ ਚੜ੍ਹਤ ਸਿੰਘ
ਭਤੀਜਾ ਭਾਈ ਅਮਰੀਕ ਸਿੰਘ ਜੀ
ਪ੍ਰਧਾਨ AISSF
M: 9855017747 , 9878782228

# THE GURBANI SCHOOL

THE GURBANI SCHOOL

ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store





**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8 **EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



# ਭੋਗ ਅਤੇ ਅੰਤਿਮ ਅਰਦਾਸ

ਆਵਾਜ਼ਿ ਕੌਮ AWAZE QAUM International Newspaper & WEB TV

ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਮਾਤਾ ਜੋਗਿੰਦਰ ਕੌਰ ਜੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27.02.2024 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 7 ਮਾਰਚ 2024 ਦਿਨ ਨੂੰ**

**ਪਿੰਡ ਸੈਦੋਲੇਹਲ,ਖਜ਼ਾਲਾ ਤੋਂ ਤਰਸਿੱਕਾ ਰੋਡ ਗੁਰੂਦੁਆਰਾ ਬਾਬਾ ਡੇਰਾ ਸਾਹਮਣੇ ਬਿਜਲੀ ਘਰ**

ਸਮਾਂ 10:00 ਤੋਂ 01:00 ਵਜੇ ਤੱਕ ਪਵੇਗਾ।
ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।



-- ✶ ਬੇਨਤੀ ਕਰਤਾ ✶--

## ਲੇਹਲ ਪਰਿਵਾਰ ਅਤੇ ਸਾਕ ਸਬੰਧੀ



ਭਾਈ ਸਤਨਾਮ ਸਿੰਘ ਜੀ
ਜਿਲਾ ਪ੍ਰਧਾਨ ਅੰਮ੍ਰਿਤਸਰ
ਕਿਸਾਨ ਬਚਾਉ ਮੋਰਚਾ
ਇੰਟਰਨੈਸ਼ਨਲ ਪੰਥਕ ਦਲ

ਭਾਈ ਸਤਨਾਮ ਸਿੰਘ ਜੀ ਜਿਲਾ ਪ੍ਰਧਾਨ ਅੰਮ੍ਰਿਤਸਰ ਕਿਸਾਨ ਬਚਾਉ ਮੋਰਚਾ ਇੰਟਰਨੈਸ਼ਨਲ ਪੰਥਕ ਦਲ ਦੇ ਸਤਿਕਾਰਯੋਗ ਮਾਤਾ ਜੋਗਿੰਦਰ ਕੌਰ ਜੀ ਆਪਣੀ ਸੰਸਾਰਿਕ ਯਾਤਰਾ ਪੂਰਾ ਕਰਦੇ ਹੋਏ ਮਿਤੀ 27.2.2024 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾ ਵਿਚ ਜਾ ਬਿਰਾਜੇ ਸਨ, ਜਿਨ੍ਹਾਂ ਨਮਿਤ ਭੋਗ ਅਤੇ ਅੰਤਿਮ ਅਰਦਾਸ 7 ਮਾਰਚ, 2024 ਨੂੰ ਸੰਪੂਰਨ ਹੋਵੇਗੀ।

ਭਾਈ ਰਣਦੀਪ ਸਿੰਘ ਜੀ
ਬਲਾਕ ਪ੍ਰਧਾਨ ਤਰਸਿੱਕਾ ਅਤੇ
ਜਿਲਾ ਪ੍ਰੈਸ ਸਕੱਤਰ ਅੰਮ੍ਰਿਤਸਰ
ਇੰਟਰਨੈਸ਼ਨਲ ਪੰਥਕ ਦਲ

### ਧਰਮ ਨਿਰਪੱਖ ਕਹਾਉਣ ਵਾਲਾ ਦੇਸ਼ ਹੁਣ

# ਆਪਣੇ ਸੰਵਿਧਾਨਕ ਫ਼ਰਜ਼ਾਂ ਤੋਂ ਹੋਇਆ ਦੂਰ : ਖਾਲਿਸਤਾਨ ਜਲਾਵਤਨ ਸਰਕਾਰ



**ਲੰਡਨ, 6 ਮਾਰਚ (ਸਰਬਜੀਤ ਸਿੰਘ ਬਨੂੜ)**-ਖਾਲਿਸਤਾਨ ਜਲਾਵਤਨ ਸਰਕਾਰ ਨੇ ਭਾਰਤ ਵਿੱਚ ਚੱਲ ਰਹੇ ਕਿਸਾਨੀ ਸੰਘਰਸ਼ ਅਤੇ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੀ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਕੀਤੀ ਨਜ਼ਰਬੰਦੀ ਦੇ ਮਾਮਲੇ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਭਾਰਤ ਦੀ ਭਾਜਪਾ ਸਰਕਾਰ ਵੱਲੋਂ ਗੈਰ ਮਨੁੱਖੀ ਵਤੀਰਾ ਅਪਨਾਇਆ ਜਾ ਰਿਹਾ ਹੈ ਤੇ ਆਪਣੇ ਆਪ ਨੂੰ ਧਰਮ ਨਿਰਪੱਖ ਕਹਿਣ ਵਾਲਾ ਦੇਸ਼ ਹੁਣ ਆਪਣੇ ਸੰਵਿਧਾਨਕ ਫ਼ਰਜ਼ਾਂ ਤੋਂ ਬਹੁਤ ਪਿੱਛੇ ਹਟ ਗਿਆ ਹੈ।

ਜਲਾਵਤਨ ਸਰਕਾਰ ਦੇ ਪ੍ਰਧਾਨ ਮੰਤਰੀ ਸ: ਗੁਰਮੇਜ ਸਿੰਘ ਗਿੱਲ ਅਤੇ ਉਹਨਾਂ ਦੇ ਸਹਿਯੋਗੀਆਂ, ਜਥੇਦਾਰ ਬਲਬੀਰ ਸਿੰਘ ਯੂ ਕੇ, ਜਥੇਦਾਰ ਸੁਬੇਗ ਸਿੰਘ ਡੈਨਮਾਰਕ, ਜਥੇਦਾਰ ਸਤਨਾਮ ਸਿੰਘ ਅਤੇ ਜਥੇਦਾਰ ਰੇਸ਼ਮ ਸਿੰਘ ਬੱਬਰ ਜਰਮਨੀ ਨੇ ਇੱਕ ਸਾਂਝੇ ਬਿਆਨ ਰਾਹੀਂ ਉਕਤ ਮਾਮਲਿਆਂ ਵਿੱਚ ਭਾਰਤ ਸਰਕਾਰ ਵੱਲੋਂ ਅਪਣਾਏ ਜਾ ਰਹੇ ਵਤੀਰੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਜਿਹੜਾ ਕਿਸਾਨ ਹੱਡ ਭੰਨਵੀਂ ਮਿਹਨਤ ਕਰਕੇ ਸਾਰੀ ਦੁਨੀਆ ਲਈ ਅਨਾਜ ਪੈਦਾ ਕਰਦਾ ਹੈ, ਉਸ ਦੀ ਆਰਥਿਕ ਲੁੱਟ ਕੀਤੀ ਜਾ ਰਹੀ ਹੈ, ਜਿਸ ਕਰਕੇ ਹਰ ਸਾਲ ਵੱਡੀ ਗਿਣਤੀ ਵਿੱਚ ਕਿਸਾਨ ਖੁਦਕੁਸ਼ੀਆਂ ਕਰ ਰਹੇ ਹਨ।ਉਹਨਾਂ ਦੀ ਪੈਦਾਵਾਰ ਦਾ ਸਹੀ ਮੁੱਲ ਨਾ ਦੇ ਕੇ ਸਰਕਾਰ ਵੱਲੋਂ ਪ੍ਰਦਰਸ਼ਨਕਾਰੀ ਕਿਸਾਨਾਂ ਉਤੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਉਹਨਾਂ ਨੂੰ ਕਤਲ ਕਰਨਾ ਬਹੁਤ ਹੀ ਮੰਦਭਾਗਾ ਹੈ। ਖਾਲਿਸਤਾਨ ਜਲਾਵਤਨ ਸਰਕਾਰ ਨੇ ਕਿਹਾ ਕਿ ਪੰਜਾਬ ਖਾਸ ਕਰਕੇ ਉਤਰੀ ਭਾਰਤ ਦੇ ਵਾਹੀਕਾਰ ਕਿਸਾਨਾਂ ਨੂੰ ਕਿਸੇ ਸਮੇਂ ਬਾਬਾ ਬੰਦਾ ਸਿੰਘ ਬਹਾਦਰ ਨੇ ਪਹਿਲੇ ਖਾਲਸਾ ਰਾਜ ਦੀ ਸਥਾਪਤੀ ਸਮੇਂ ਪਟੇ ਲਿਖ ਕੇ ਜ਼ਮੀਨਾਂ ਦੇ ਮਾਲਕ ਬਣਾਇਆ ਸੀ ਪਰ ਇਹ ਸਰਕਾਰ ਕਿਸਾਨਾਂ ਦੀਆਂ ਜਾਇਦਾਦਾਂ ਖੋਹ ਕੇ ਅਮੀਰ ਕਾਰਪੋਰੇਟ ਅਦਾਰਿਆਂ ਨੂੰ ਦੇਣਾ ਚਾਹੁੰਦੀਆਂ ਹਨ, ਜਿਸ ਦਾ ਖਾਲਿਸਤਾਨ ਸਰਕਾਰ ਸਖਤ ਵਿਰੋਧ ਕਰਦੀ ਹੈ। ਅਸੀਂ ਸਦਾ ਕਿਰਤੀ ਲੋਕਾਂ ਦੇ ਨਾਲ ਖੜ੍ਹੇ ਹਾਂ। ਉਨ੍ਹਾਂ ਕਿਹਾ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਨੂੰ ਰਿਹਾਅ ਕੀਤਾ ਜਾਵੇ, ਜਾਂ ਪੰਜਾਬ ਵਿੱਚ ਤਬਦੀਲ ਕੀਤਾ ਜਾਵੇ।ਆਈ ਪੀ ਐਸ ਸਿੱਖ ਅਫ਼ਸਰਾਂ ਨੂੰ ਖਾਲਿਸਤਾਨੀ ਕਹਿਣ ਦੇ ਮੁੱਦੇ ਬਾਰੇ ਸਰਕਾਰ ਨੇ ਕਿਹਾ ਕਿ ਸਿੱਖ ਅਫ਼ਸਰਾਂ ਨੂੰ ਸਗੋਂ ਇਸ ਦਾ ਵਿਰੋਧ ਕਰਨ ਦੀ ਬਜਾਏ ਇਹ ਸਵੀਕਾਰ ਕਰ ਲੈਣਾ ਚਾਹੀਦਾ ਹੈ। ਸਰਕਾਰ ਨੇ ਕਿਹਾ ਕਿ ਖਾਲਿਸਤਾਨੀ ਹੋਣਾ ਕੋਈ ਮਾੜੀ ਗੱਲ ਨਹੀਂ ਹੈ। ਜਿਵੇਂ ਲੋਕ ਹਿੰਦੋਸਤਾਨੀ, ਪਾਕਿਸਤਾਨੀ, ਬਰਤਾਨਵੀ ਜਾਂ ਅਮਰੀਕਨ ਹੋਣ ਤੇ ਮਾਣ ਮਹਿਸੂਸ ਕਰਦੇ ਹਨ, ਇਵੇਂ ਹੀ ਜਿਹੜਾ ਖਾਲਸਾ ਰਾਜ ਦਾ ਬਸ਼ਿੰਦਾ ਹੋਵੇਗਾ, ਉਸ ਨੂੰ ਵੀ ਖਾਲਿਸਤਾਨੀ ਹੋਣ ਤੇ ਮਾਣ ਹੋਵੇਗਾ।

### "ਗੁਰੂ ਕੀ ਨਗਰੀ ਸ਼੍ਰੀ ਅੰਮ੍ਰਿਤਸਰ ਸਾਹਿਬ 'ਚ

# ਇਸਾਈ ਦੇ ਰਹੇ ਹਨ Crusade ਦਾ ਨਾਅਰਾ

**ਵਿਚਾਰ ਆਪੋ-ਆਪਣਾ**

ਇਸਾਈ "ਗੁਰੂ ਕੀ ਨਗਰੀ ਸ਼੍ਰੀ ਅੰਮ੍ਰਿਤਸਰ ਸਾਹਿਬ'ਚ" Crusade ਦਾ ਨਾਅਰਾ ਦੇ ਰਹੇ ਹਨ। ਆਪਣੇ ਆਮ ਲੋਕ ਇਸ ਸ਼ਬਦ ਦੇ ਅਰਥ ਨਹੀ ਸਮਝਦੇ ਇਸ ਕਰਕੇ ਚੁੱਪ ਬੈਠੇ ਹਨ। ਇਸ ਦਾ ਅਰਥ ਹੈ ਕਿ ਕਿਸੇ ਖਿੱਤੇ ਦਾ ਧਰਮ ਤਬਦੀਲ ਕਰਨ ਲਈ ਕੋਈ ਜ਼ੋਰਦਾਰ ਵੱਡੀ ਤਕੜੀ ਮਹਿੰਮ ਸ਼ੁਰੂ ਕਰਨੀ। ਗਿਆਰਵੀਂ ਬਾਰਵੀਂ ਸਦੀ'ਚ ਯੂਰਪ ਦੇ ਇਸਾਈ ਗੋਰਿਆਂ ਨੇ ਮੁਸਲਮਾਨਾਂ ਤੋਂ ਜੇਰੂਸਲੇਮ ਦਾ ਕਬਜਾਂ ਛਡਵਾਉਣ ਲਈ ਜਿਹੜੀਆਂ ਲੜਾਈਆਂ ਲੜੀਆਂ ਉਸ ਨੂੰ Crusade ਦਾ ਨਾਮ ਦਿੱਤਾ ਗਿਆ ਸੀ। ਹੁਣ ਇਹ ਪੰਜਾਬ ਦੇ ਇਸਾਈ ਪਾਸਟਰ ਅੰਮ੍ਰਿਤਸਰ ਸਾਹਿਬ ਨੂੰ ਸਿੱਖਾਂ ਤੋਂ ਖੋਹ ਕੇ ਇੱਥੇ ਇਸਾਈਅਤ ਦਾ ਬੋਲਬਾਲਾ ਕਰਨਾ ਚਾਹੁੰਦਾ ਹਨ। ਇਹ ਆਪਣੇ ਵੱਲੋਂ ਜੰਗ ਦਾ ਐਲਾਨ ਕਰ ਚੁੱਕੇ ਹਨ ਕਿ ਅਸੀਂ ਸ਼੍ਰੀ ਅੰਮ੍ਰਿਤਸਰ ਸਾਹਿਬ ਦਾ ਧਰਮ ਤੇ ਸੱਭਿਆਚਾਰ ਬਦਲ ਕੇ ਇਸ ਨੂੰ ਇਸਾਈਅਤ ਦੇ ਰੰਗ'ਚ ਰੰਗਣਾ ਹੈ।

ਸੋਚੋ ਕੀ ਇਹ ਲੋਕ ਆਹ ਨਾਅਰਾ ਮੱਕੇ ਜਾ ਕੇ ਦੇ ਸਕਦੇ ਹਨ ? ਮੱਕਾ ਛੱਡੋ ਕੀ ਇਹ ਬਨਾਰਸ ਜਾ ਕੇ ਇਹ ਨਾਅਰਾ ਦੇ ਸਕਦੇ ਹਨ ਕਿ ਅਸੀ ਇੱਥੋਂ ਦਾ ਧਰਮ ਤਬਦੀਲ ਕਰਨਾ ਹੈ। ਸਿੱਖਾਂ ਨੂੰ ਧਮਕੀਆਂ ਦਿੱਤੀਆਂ ਜਾਂਦੀਆਂ ਹਨ ਕਿ ਬਾਹਰ ਵਾਲੇ ਸੋਚ ਲੈਣ ਉੱਥੇ ਇਸਾਈਆਂ ਦਾ ਰਾਜ ਹੈ। ਕੀ ਸਿੱਖਾ ਨੇ ਵੈਟੀਕਨ ਸਿਟੀ'ਚ ਜਾ ਕੇ ਧਰਮਯੁੱਧ ਦਾ ਐਲਾਨ ਕੀਤਾ ਹੈ ਕਿ ਅਸੀਂ ਇੱਥੇ ਕੋਈ ਇਸਾਈ ਨਹੀਂ ਰਹਿਣ ਦੇਣਾ ? ਇਸ ਧਮਕੀ ਦਾ ਕੋਈ ਡਰ ਨਹੀਂ। ਜੇਕਰ ਪੰਜਾਬ'ਚ ਸਿੱਖ ਨਾ ਰਹੇ ਤਾਂ ਬਾਹਰ ਹੋਣ ਜਾਂ ਨਾ ਹੋਣ ਕੋਈ ਫ਼ਰਕ ਨਹੀਂ ਪੈਂਦਾ।

ਇਹ ਤਾਂ ਸਿੱਖਾਂ ਦੀ ਢਿੱਲ ਹੈ ਕਿ ਇਹਨਾਂ ਨੂੰ ਹੁਣ ਤੱਕ ਬਰਦਾਸ਼ਤ ਕੀਤਾ। Crusade ਦਾ ਨਾਅਰਾ ਆਪਣੇ ਆਪ'ਚ ਇੱਕ ਮਿਲਟਰੀ campaign ਦਾ ਸੰਕੇਤ ਹੈ। ਅੰਮ੍ਰਿਤਸਰ ਸਾਹਿਬ ਜਾਂ ਪੰਜਾਬ'ਚ ਇਸ ਨਾਮ ਹੇਠ ਇਹਨਾਂ ਦਾ ਕੋਈ ਪੋਸਟਰ ਜਾਂ ਇਸ਼ਿਤਹਾਰ ਵੀ ਪ੍ਰਵਾਨ ਨਹੀਂ ਕਰਨਾ ਚਾਹੀਦਾ, ਪ੍ਰੋਗਰਾਮ ਤਾਂ ਦੂਰ ਦੀ ਗੱਲ।

**- ਸਤਵੰਤ ਸਿੰਘ**

# ਮੈਡੀਕਲ ਪ੍ਰੈਕਟੀਸ਼ਨ ਐਸੋਸੀਏਸ਼ਨ (ਰਜਿ.) ਦੀ ਹੋਈ ਮਹੀਨਾਵਾਰ ਮੀਟਿੰਗ

### ਪੰਜਾਬ ਸਰਕਾਰ ਐਸੋਸੀਏਸ਼ਨ ਦੀਆਂ ਹੱਕੀ ਮੰਗਾਂ ਬਜਟ ਇਜਲਾਸ 'ਚ ਸ਼ਾਮਲ ਕਰਕੇ ਪੂਰੀਆਂ ਕਰੇ- ਡਾ. ਘਈ



ਤਲਵੰਡੀ ਸਾਬੋ, 06 ਮਾਰਚ (ਗੁਰਜੰਟ ਸਿੰਘ ਨਥੇਹਾ)- ਮੈਡੀਕਲ ਪ੍ਰੈਕਟੀਸ਼ਨਰ ਐਸੋਸ਼ੀਏਸ਼ਨ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਫੂਲ ਨੇ ਵਿਸੇਸ ਤੌਰ 'ਤੇ ਸ਼ਮੂਲੀਅਤ ਕੀਤੀ ਜਿਸ ਵਿਚ ਬਲਾਕ ਵੱਲੋਂ ਵੱਡੀ ਪੱਧਰ ਤੇ ਮੈਂਬਰਾਂ ਨੇ ਹਾਜ਼ਰੀ ਭਰੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਚੋਣਾਂ ਮੌਕੇ ਕੀਤੇ ਵਾਅਦੇ ਚਲ ਰਹੇ ਬਜਟ ਇਜਲਾਸ ਵਿੱਚ ਪੂਰੇ ਕੀਤੇ ਜਾਣ ਕਿਉਂਕਿ ਐਸੋਸੀਏਸ਼ਨ ਦੀਆਂ ਹੱਕੀ ਮੰਗਾਂ ਜਲਦੀ ਹੀ ਲਾਗੂ ਕਰਨ ਲਈ ਸਰਕਾਰ ਨੂੰ ਆਰਡੀਨੈਂਸ ਜਾਰੀ ਕਰਨਾ ਚਾਹੀਦਾ ਹੈ ਜਦੋਂਕਿ ਸਰਕਾਰ ਦੇ ਐਮਐਲਏ, ਇਜਲਾਸ ਵਿੱਚ ਐਸੋਸ਼ੀਏਸ਼ਨ ਦੇ ਹੱਕ ਵਿੱਚ ਭਾਸ਼ਣ ਦੇ ਚੁੱਕੇ ਹਨ। ਮੀਟਿੰਗ ਵਿੱਚ ਹੋਰਨਾ ਤੋਂ ਇਲਾਵਾ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਲਛਮਣ ਸਿੰਘ ਜਗਾ ਮੀਤ ਪ੍ਰਧਾਨ, ਡਾ. ਗਗੜ ਸਿੰਘ ਗਹਿਲੇਵਾਲਾ, ਸੈਕਟਰੀ ਰੇਸ਼ਮ ਸਿੰਘ ਭਾਗੀਵਾਂਦਰ, ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਰਾਮਾ ਦਿਹਾਤੀ ਪ੍ਰਧਾਨ ਜਸਵੀਰ ਸਿੰਘ ਕੋਟਬਖਤੂ, ਮੀਤ ਪ੍ਰਧਾਨ ਮੋਦਨ ਸਿੰਘ ਸੁਖਲੱਧੀ, ਸੀਂਗੋ ਸਰਕਲ ਪ੍ਰਧਾਨ ਭਰਪੂਰ ਸਿੰਘ ਸੀਂਗੋ, ਦਰਸ਼ਨ ਸਿੰਘ ਸੁਖਲੱਧੀ, ਕੇਵਲ ਸਿੰਘ, ਨਾਜਰ ਸਿੰਘ, ਗੁਲਾਬ ਸਿੰਘ ਫੁਲੋਖਾਰੀ, ਬਲਵੰਤ ਸਿੰਘ ਕਣਕਵਾਲ, ਗੁਰਨਾਮ ਸਿੰਘ ਖੋਖਰ, ਵੈਦ ਰਾਜਾ ਸਿੰਘ, ਬਲਵੰਤ ਸਿੰਘ, ਅੰਮ੍ਰਿਤ ਪਾਲ ਸਿੰਘ, ਗੁਰਪ੍ਰੀਤ ਸਿੰਘ ਤਲਵੰਡੀ ਸਾਬੋ, ਜਰਨੈਲ ਸਿੰਘ ਕੌਰੇਆਣਾ, ਅਮਨਦੀਪ ਸਿੰਘ, ਜਸਵੀਰ ਸਿੰਘ, ਨਰੇਸ਼ ਸਿੰਘ ਜੀਵਨ ਸਿੰਘ ਵਾਲਾ, ਜਸ਼ਨਪ੍ਰੀਤ ਸਿੰਘ ਸ਼ੇਰਗੜ, ਗੁਰਲਾਲ ਸਿੰਘ ਬਹਿਮਣ, ਜਸਵੰਤ ਸਿੰਘ, ਸੀਂਗੋ, ਸੁਖਪਾਲ ਸਿੰਘ, ਬਾਬੂ ਸਿੰਘ, ਜਨਕ ਰਾਜ ਬਹਿਮਣ, ਜਗਦੀਸ਼ ਸਿੰਘ ਭੱਟੀ, ਜਗਸੀਰ ਸਿੰਘ, ਹਰਭਗਵਾਨ ਸਿੰਘ ਸ਼ੇਖਪੁਰਾ, ਕੁਲਵਿੰਦਰ ਸਿੰਘ ਕੋਟਬਖਤੂ, ਅੰਤਰ ਸਿੰਘ ਮਾਨਵਾਲਾ, ਰਾਜ਼ੇਸ਼ ਕੁਮਾਰ ਰਾਮਾ, ਨੇਕ ਸਿੰਘ ਨੰਗਲਾ, ਜਸਪ੍ਰੀਤ ਸਿੰਘ ਲਾਲੇਆਣਾ, ਬਲੌਰ ਸਿੰਘ ਭਾਗੀਵਾਂਦਰ, ਬਲਵੀਰ ਸਿੰਘ ਮੈਨੂੰਆਣਾ, ਇਕਬਾਲ ਸਿੰਘ ਰਾਈਆ, ਪਰਮਜੀਤ ਸਿੰਘ, ਸੁਖਚਰਨ ਸਿੰਘ, ਹਰਦੀਪ ਸਿੰਘ ਲੇਲੇਵਾਲਾ, ਬਸੰਤ ਸਿੰਘ ਲੇਲੇਵਾਲਾ, ਸੁਖਦੇਵ ਸਿੰਘ ਮਿਰਜੇਆਣਾ, ਮੇਜਰ ਸਿੰਘ ਰਾਮਸਰਾ, ਜਗਸੀਰ ਸਿੰਘ ਰਾਮਸਰਾ, ਪਰਗਟ ਸਿੰਘ ਕੋਟਭਾਰਾ, ਪ੍ਰਗਟ ਸਿੰਘ, ਕੋਟਭਾਰਾ, ਜਸਵੀਰ ਸਿੰਘ ਕੋਟਫੱਤਾ, ਤਰਸੇਮ ਸਿੰਘ ਸ਼ੇਖਪੁਰਾ, ਬੂਟਾ ਸਿੰਘ ਬੰਗੀ ਦੀਪਾ, ਵਿਜੇ ਕੁਮਾਰ ਬਾਘਾ, ਅਮਰੀਕ ਸਿੰਘ ਨਵਾਂ ਪਿੰਡ, ਗੁਰਦੀਪ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪਿੰਡ ਬੁਰਜ ਕੁਲਾਰਾ ਵਿਖੇ ਹੋਏ ਸ਼ਾਨਦਾਰ ਗੱਤਕੇ ਦੇ ਮੁਕਾਬਲੇ, ਜੇਤੂ ਟੀਮਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਕੀਤਾ ਸਨਮਾਨਿਤ









ਹਠੂਰ/ਜਗਰਾਉਂ -(ਵਰਿਆਮ ਹਠੂਰ) ਜਿਲ੍ਹਾ ਲੁਧਿਆਣਾ ਦੇ ਆਖ਼ਰੀ ਪਿੰਡ ਬੁਰਜ ਕੁਲਾਰਾ ਵਿਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਅਤੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੈਲੇਫੋਰਨੀਆਂ ਗੱਤਕਾ ਦਲ ਦੇ ਵਿਸ਼ੇਸ਼ ਸਹਿਯੋਗ ਦੇ ਨਾਲ, ਨਿਰਵੈਰ ਖਾਲਸਾ ਗੱਤਕਾ ਅਖਾੜਾ ਅਤੇ ਸਮੂਹ ਨਗਰ ਨਿਵਾਸੀ ਪਿੰਡ ਬੁਰਜ ਕੁਲਾਰਾ ਅਤੇ ਐੱਨ ਆਰ ਆਈ ਵੀਰਾਂ ਦੇ ਵੱਡੇ ਸਹਿਯੋਗ ਦੇ ਨਾਲ ਤੀਸਰਾ ਗੱਤਕਾ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿਚ ਪੰਜਾਬ ਭਰ ਦੀਆਂ ਹੋਣਹਾਰ ਟੀਮਾਂ ਨੇ ਭਾਗ ਲਿਆ, ਗੱਤਕਾ ਟੂਰਨਾਮੈਂਟ ਵਿੱਚ ਵੱਖ ਵੱਖ ਪੁੱਜੀਆਂ ਟੀਮਾਂ ਨੇ ਗੱਤਕੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਤੇ ਇਕੱਤਰ ਗੁਰਸੰਗਤਾਂ ਦਾ ਦਿਲ ਮੋਹ ਲਿਆ, ਇਸ ਟੂਰਨਾਮੈਂਟ ਵਿਚੋਂ ਪਹਿਲਾ ਸਥਾਨ ਨਿਰਵੈਰ ਖਾਲਸਾ ਗੱਤਕਾ ਅਖਾੜਾ ਰਾਜਪੁਰਾ ਦੀ ਟੀਮ ਨੇ ਹਾਸਿਲ ਕੀਤਾ, ਅਤੇ ਦੂਜੇ ਸਥਾਨ ਤੇ ਮੀਰੀ-ਪੀਰੀ ਗੱਤਕਾ ਅਖਾੜਾ ਚਮਿੰਡਾ ਦੀ ਟੀਮ ਰਹੀ, ਤੀਜਾ ਸਥਾਨ ਗੁਰੂ ਕੀ ਫੌਜ਼ ਬੁੱਢਾ ਦਲ ਛੱਜਾਵਾਲ ਨੇ ਪ੍ਰਾਪਤ ਕੀਤਾ, ਫਰੀ ਸੋਟੀ ਫਾਇਟ ਵਿੱਚ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੀ ਟੀਮ ਨੇ ਪਹਿਲਾ ਸਥਾਨ ਹਾਸਿਲ ਕੀਤਾ, ਅਤੇ ਦੂਜੇ ਸਥਾਨ ਤੇ ਅਕਾਲੀ ਬਾਬਾ ਫੂਲਾ ਸਿੰਘ ਜੀ ਗੱਤਕਾ ਅਖਾੜਾ ਬੁੱਟਰ ਦੀ ਟੀਮ ਰਹੀ, ਅਤੇ ਤੀਜੇ ਸਥਾਨ ਤੇ ਨਿਰਵੈਰ ਖਾਲਸਾ ਗੱਤਕਾ ਅਖਾੜਾ ਰਾਜਪੁਰਾ ਦੀ ਟੀਮ ਰਹੀ, ਸ਼ਾਨਦਾਰ ਗੱਤਕੇ ਦੇ ਟੂਰਨਾਮੈਂਟ ਵਿੱਚ ਜੇਤੂ ਟੀਮਾਂ ਨੂੰ ਪਹਿਲਾ ਇਨਾਮ ਸਵ: ਸ.ਮੇਜਰ ਸਿੰਘ ਸਾਬਕਾ ਸਰਪੰਚ ਦੇ ਪਰਿਵਾਰ ਵੱਲੋਂ ਦਿੱਤਾ ਗਿਆ, ਅਤੇ ਦੂਜਾ ਇਨਾਮ ਸ: ਸੁਖਵਿੰਦਰ ਸਿੰਘ ਯੂ.ਕੇ, ਅਤੇ ਤੀਜਾ ਇਨਾਮ ਸ.ਹਰਪ੍ਰੀਤ ਸਿੰਘ ਕੈਨੇਡਾ ਵੱਲੋਂ ਦਿੱਤਾ ਗਿਆ, ਗੱਤਕੇ ਦੇ ਮੁਕਾਬਲਿਆਂ ਸਮੇਂ ਜੱਜਮੈਂਟ ਲਈ ਸ.ਹਰਦੀਪ ਸਿੰਘ ਭਿੰਡਰ ਕਲਾਂ, ਸ: ਗੁਰਮੇਲ ਸਿੰਘ ਭਿੰਡਰ ਕਲਾਂ, ਸ.ਰਮਨਜੋਤ ਸਿੰਘ ਬੁਰਜ ਕੁਲਾਰਾ, ਮਨਜਿੰਦਰ ਸਿੰਘ ਤਖਤੂਪੁਰਾ, ਹਰਪਿੰਦਰ ਸਿੰਘ ਤਖਤੂਪੁਰਾ, ਦਮਨਪ੍ਰੀਤ ਸਿੰਘ, ਪ੍ਰਦੀਪ ਸਿੰਘ, ਜਸ਼ਨਪ੍ਰੀਤ ਸਿੰਘ,ਅਰਸਦੀਪ ਸਿੰਘ, ਭਗਵਾਨ ਸਿੰਘ ਆਦਿ ਨੇ ਖ਼ਾਸ ਸਹਿਯੋਗ ਦਿੱਤਾ, ਗੱਲਬਾਤ ਕਰਦਿਆਂ ਨਿਰਵੈਰ ਖਾਲਸਾ ਗੱਤਕਾ ਅਖਾੜਾ ਬੁਰਜ ਕੁਲਾਰਾ ਦੇ ਜਥੇਦਾਰ ਜਗਪ੍ਰੀਤ ਸਿੰਘ ਬੁਰਜ ਕੁਲਾਰਾ ਨੇ ਕਿਹਾ ਕਿ ਗੱਤਕੇ ਦੇ ਮੁਕਾਬਲਿਆਂ ਵਿੱਚ ਸਾਰੀਆਂ ਟੀਮਾਂ ਦਾ ਪੁੱਜਣ ਤੇ ਅਤੇ ਸਮੂਹ ਨਗਰ ਨਿਵਾਸੀ ਅਤੇ ਐੱਨ ਆਰ ਆਈ ਵੀਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਾਂ, ਉਨ੍ਹਾਂ ਕਿਹਾ ਕਿ ਗੱਤਕੇ ਦੀ ਸਿਖਲਾਈ ਲੈਣਾ ਸਮੇਂ ਦੀ ਮੁੱਖ ਲੋੜ ਹੈ। ਜੋ ਸਿੱਖ ਵਿਰਸੇ ਦੀ ਸ਼ਾਨਦਾਰ ਤੇ ਵਿਲੱਖਣਤਾ ਨੂੰ ਦਰਸਾਉਂਦੀ ਹੈ। ਸਾਨੂੰ ਆਪਣੇ ਬੱਚਿਆਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਾਉਣਾ ਚਾਹੀਦਾ ਹੈ। ਤੇ ਆਪਣੇ ਬੱਚਿਆਂ ਨੂੰ ਸਿੱਖ ਕੌਮ ਦੇ ਮਹਾਨ ਵਿਰਸੇ ਅਤੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂੰ ਕਰਵਾਉਣਾ ਚਾਹੀਦਾ ਹੈ ਤੇ ਆਪਣੇ ਬੱਚਿਆਂ ਨੂੰ ਗੱਤਕੇ ਦੀ ਸਿਖਲਾਈ ਦਿਵਾਉਣੀ ਚਾਹੀਦੀ ਹੈ। ਤਾਂ ਜੋ ਬੱਚਿਆਂ ਦਾ ਬਚਪਨ ਤੋਂ ਹੀ ਸਿੱਖੀ ਪ੍ਰਤੀ ਮੋਹ ਪੈਦਾ ਹੋਵੇ, ਜਥੇਦਾਰ ਜਗਪ੍ਰੀਤ ਸਿੰਘ ਜੀ ਖਾਲਸਾ ਨੇ ਜੇਤੂ ਟੀਮਾਂ ਨੂੰ ਵਧਾਈਆਂ ਵੀ ਦਿੱਤੀਆਂ, ਅੰਤ ਵਿੱਚ ਉਨ੍ਹਾਂ ਕੈਲੇਫੋਰਨੀਆਂ ਗੱਤਕਾ ਦਲ ਦੇ ਸਾਰੇ ਸਿੰਘਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਅਤੇ ਵਿਸ਼ੇਸ਼ ਤੌਰ ਤੇ ਗਿਆਨੀ ਇੰਦਰਜੀਤ ਸਿੰਘ ਜੀ ਰਾਮਾਂ, ਸ: ਜਸਵੰਤ ਸਿੰਘ, ਰਮਨਦੀਪ ਸਿੰਘ, ਲਖਵੀਰ ਸਿੰਘ ਕੈਨੇਡਾ, ਗੁਰਮੀਤ ਸਿੰਘ ਕੈਨੇਡਾ, ਨਿਰਮਲ ਸਿੰਘ, ਸਮਾਜ ਸੇਵੀ ਅਤੇ ਸਾਬਕਾ ਸਰਪੰਚ,ਚਮਕੌਰ ਸਿੰਘ ਕੈਨੇਡਾ , ਸਾਬਕਾ ਸਰਪੰਚ, ਬੂਟਾ ਸਿੰਘ, ਸੁਖਵਿੰਦਰ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਸਿੰਘ ਕੈਨੇਡਾ, ਕੁਲਦੀਪ ਸਿੰਘ ਧਰਮੀ ਫੌਜੀ, ਕਾਲਾ ਬੁਰਜ ਕੁਲਾਰਾ, ਰਣਜੀਤ ਸਿੰਘ, ਬਲਰਾਜ ਸਿੰਘ, ਜਗਤਾਰ ਸਿੰਘ, ਨਾਜ਼ਰ ਸਿੰਘ, ਜਗਤਾਰ ਸਿੰਘ ਚੀਮਾਂ, ਗਿਆਨੀ ਬੀਰ ਸਿੰਘ ਜੀ ਕੈਨੇਡੀਅਨ, ਅਮਰਪਾਲ ਸਿੰਘ, ਜਗਦੇਵ ਸਿੰਘ, ਜਗਸ਼ੀਰ ਸਿੰਘ, ਸਮੇਤ ਸਮੂਹ ਐੱਨ ਆਰ ਆਈ ਵੀਰਾਂ ਤੇ ਸਮੂਹ ਨਗਰ ਨਿਵਾਸੀ ਸੰਗਤਾਂ ਦਾ ਧੰਨਵਾਦ ਕੀਤਾ, ਜ਼ਿਕਰਯੋਗ ਹੈ ਕਿ ਨਿਰਵੈਰ ਖਾਲਸਾ ਗੱਤਕਾ ਅਖਾੜਾ ਬੁਰਜ ਕੁਲਾਰਾ ਅਤੇ ਹੋਰ ਸਿੰਘਾਂ ਵੱਲੋਂ ਝੁਲਦੇ ਨਿਸ਼ਾਨਾ, ਨਗਾਰੇ ਅਤੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਨਗਰ ਵਿੱਚ ਮਹੱਲਾ ਸਜਾਇਆ ਗਿਆ ਜੋ ਕਿ ਗੁਰਸੰਗਤਾਂ ਲਈ ਖਿੱਚ ਦਾ ਕੇਂਦਰ ਰਿਹਾ, ਇਸ ਮੌਕੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

### ਬਾਸ਼ਰਤ ਜਮਾਨਤ 'ਤੇ ਰਿਹਾਅ ਹੋਏ ਤਿੰਨ ਬੰਦੀ ਸਿੰਘਾਂ ਦਾ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਸਨਮਾਨ



**ਅੰਮ੍ਰਿਤਸਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)-** ਪਿਛਲੇ 28 ਸਾਲਾਂ ਤੋਂ ਚੰਡੀਗੜ੍ਹ ਦੀ ਬੁੜੈਲ ਜੇਲ੍ਹ ਵਿਚ ਨਜ਼ਰਬੰਦ ਬਾਸ਼ਰਤ ਜਮਾਨਤ 'ਤੇ ਰਿਹਾਅ ਹੋਏ ਤਿੰਨ ਬੰਦੀ ਸਿੰਘਾਂ ਇੰਜੀਨੀਅਰ ਭਾਈ ਗੁਰਮੀਤ ਸਿੰਘ ਪਟਿਆਲਾ, ਭਾਈ ਲਖਵਿੰਦਰ ਸਿੰਘ ਲੱਖਾ ਅਤੇ ਭਾਈ ਸ਼ਮਸ਼ੇਰ ਸਿੰਘ ਉਕਸੀ ਜੱਟਾਂ ਦਾ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸਨਮਾਨ ਕੀਤਾ। ਇਸ ਮੌਕੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਸੰਘਰਸ਼ਸ਼ੀਲ ਸਿੰਘਾਂ ਤੇ ਉਨ੍ਹਾਂ ਦੇ ਪਰਿਵਾਰ ਦੇ ਨਾਲ ਖੜ੍ਹੇ ਹਨ। ਉਨ੍ਹਾਂ ਆਖਿਆ ਕਿ ਜਿਨ੍ਹਾਂ ਬੰਦੀ ਸਿੰਘਾਂ ਦੀ ਰਿਹਾਈ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ 'ਤੇ ਸ਼੍ਰੋਮਣੀ ਕਮੇਟੀ ਵਲੋਂ ਪਿਛਲੇ ਲੰਬੇ ਸਮੇਂ ਤੋਂ ਕਾਨੂੰਨੀ ਲੜਾਈ ਲੜੀ ਜਾ ਰਹੀ ਹੈ, ਉਨ੍ਹਾਂ ਵਿਚ ਭਾਈ ਗੁਰਮੀਤ ਸਿੰਘ ਪਟਿਆਲਾ, ਭਾਈ ਲਖਵਿੰਦਰ ਸਿੰਘ ਲੱਖਾ ਅਤੇ ਭਾਈ ਸ਼ਮਸ਼ੇਰ ਸਿੰਘ ਵੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਸਿੰਘ ਬਾਸ਼ਰਤ ਜਮਾਨਤ 'ਤੇ ਰਿਹਾਅ ਹੋਏ ਹਨ ਅਤੇ ਉਹ ਬੰਦੀਛੋੜ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅੱਗੇ ਅਰਦਾਸ ਕਰਦੇ ਹਨ ਕਿ ਜਲਦ ਹੀ ਇਨ੍ਹਾਂ ਸਾਰੇ ਬੰਦੀ ਸਿੰਘਾਂ ਨੂੰ ਪੱਕੀ ਰਿਹਾਈ ਵੀ ਮਿਲੇ। ਇਸ ਮੌਕੇ ਭਾਈ ਗੁਰਮੀਤ ਸਿੰਘ ਪਟਿਆਲਾ, ਭਾਈ ਲਖਵਿੰਦਰ ਸਿੰਘ ਲੱਖਾ ਅਤੇ ਭਾਈ ਸ਼ਮਸ਼ੇਰ ਸਿੰਘ ਉਕਸੀ ਜੱਟਾਂ ਨੇ ਆਖਿਆ ਕਿ ਮੌਜੂਦਾ ਸਮੇਂ ਵਿਚ ਖ਼ਾਲਸਾ ਪੰਥ ਦੀ ਆਪਸੀ ਏਕਤਾ ਦੀ ਸਭ ਤੋਂ ਤਰਜੀਹੀ ਲੋੜ ਹੈ। ਪੰਥਕ ਏਕਤਾ ਹੋਵੇ ਤਾਂ ਦੁਨੀਆ ਦੀ ਵੱਡੀ ਤੋਂ ਵੱਡੀ ਤਾਕਤ ਵੀ ਸਾਡੇ ਅੱਗੇ ਝੁਕੇਗੀ ਅਤੇ ਹਰ ਬਾਹਰੀ ਸਮੱਸਿਆ ਦਾ ਹੱਲ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਜੇਲ੍ਹਾਂ ਵਿਚ ਦਹਾਕਿਆਂ ਦੀ ਨਜ਼ਰਬੰਦੀ ਵੀ ਉਨ੍ਹਾਂ ਦੀ ਆਤਮਿਕ ਚੜ੍ਹਦੀਕਲਾ ਵਿਚ ਫਰਕ ਨਹੀਂ ਪਾ ਸਕੀ ਪਰ ਪੰਥ ਦੇ ਬਿਖੜੇ ਹਾਲਾਤਾਂ ਨੂੰ ਵੇਖ ਕੇ ਚਿੰਤਾ ਜ਼ਰੂਰ ਪੈਦਾ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਜੋ ਕੀਤਾ, ਗੁਰੂ ਦੇ ਹੁਕਮ ਅਨੁਸਾਰ ਕੀਤਾ ਅਤੇ ਉਨ੍ਹਾਂ ਨੂੰ ਕਦੇ ਵੀ ਆਪਣੀ ਨਜ਼ਰਬੰਦੀ ਲਈ ਕਿਸੇ 'ਤੇ ਕੋਈ ਗਿਲ੍ਹਾ-ਸ਼ਿਕਵਾ ਨਹੀਂ ਰਿਹਾ। ਉਨ੍ਹਾਂ ਦੱਸਿਆ ਕਿ ਜੇਲ੍ਹ ਅੰਦਰ ਆਪਣੀ ਨਜ਼ਰਬੰਦੀ ਦਾ ਸਮਾਂ ਉਨ੍ਹਾਂ ਦੇ ਗੁਰਬਾਣੀ ਅਤੇ ਸਿਮਰਨ ਦਾ ਆਸਰਾ ਲੈ ਕੇ ਕੱਟਿਆ ਹੈ ਅਤੇ ਉਹ ਅੱਜ ਵੀ ਚੜ੍ਹਦੀ ਕਲਾ ਨਾਲ ਪੰਥ ਦੀ ਹਰ ਤਰ੍ਹਾਂ ਸੇਵਾ ਕਰਨ ਲਈ ਤਿਆਰ ਹਨ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁਖ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਨਿਜੀ ਸਹਾਇਕ ਸ. ਜਸਪਾਲ ਸਿੰਘ ਤੇ ਸ. ਅਜੀਤ ਸਿੰਘ, ਭਗਵਾਨ ਸਿੰਘ ਅਤੇ ਬਾਸ਼ਰਤ ਜਮਾਨਤ 'ਤੇ ਰਿਹਾਅ ਹੋਏ ਬੰਦੀ ਸਿੰਘਾਂ ਦੇ ਪਰਿਵਾਰਕ ਮੈਂਬਰ ਵੀ ਹਾਜ਼ਰ ਸਨ।

**ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਹਮੇਸ਼ਾ ਸੰਘਰਸ਼ਸ਼ੀਲ ਸਿੰਘਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੇ ਨਾਲ ਖੜ੍ਹੇ ਹਨ - ਗਿਆਨੀ ਰਘਬੀਰ ਸਿੰਘ**

### ਫਰੀਡਮ ਫਾਈਟਰ ਉਤਰਾਧਿਕਾਰੀ ਜਿਲ੍ਹਾ ਜੱਥੇਬੰਦੀ ਸੰਗਰੂਰ ਕਮੇਟੀ ਦੀ ਚੋਣ ਹੋਈ

# ਸਰਬਸੰਮਤੀ ਨਾਲ ਮਨਜੀਤ ਸਿੰਘ ਢੱਡਰੀਆਂ ਪ੍ਰਧਾਨ,ਕਮਲਜੀਤ ਸਿੰਘ ਗੰਢੇਵਾਲ ਸੈਕਟਰੀ,ਹਰਜਿੰਦਰ ਸਿੰਘ ਸ਼ੇਰਪੁਰ ਖਜ਼ਾਨਚੀ ਨਿਯੁਕਤ



ਸੰਗਰੂਰ ( ਰਣਜੀਤ ਸਿੰਘ ਪੇਧਨੀ )-ਅਜ਼ਾਦੀ ਘੁਲਾਟੀਏ ਪਰਿਵਾਰਾ ਵੱਲੋਂ ਜਿਲ੍ਹਾ ਪ੍ਰਧਾਨ ਦੀ ਨਿਯੁਕਤੀ ਨੂੰ ਲੈਕੇ ਸਥਾਨਕ ਡੀ.ਸੀ ਕੰਪਲੈਕਸ ਸੰਗਰੂਰ ਵਿਖੇ ਇਕੱਤਰਤਾ ਕੀਤੀ ਗਈ। ਜਿਸ ਵਿੱਚ ਫਰੀਡਮ ਫਾਈਟਰ ਉਤਰਾਧਿਕਾਰੀ ਜੱਥੇਬੰਦੀ ਰਜਿ:196 ਦੇ ਸੂਬਾ ਕਮੇਟੀ ਮੈਂਬਰਾਂ ਦੀ ਅਗਵਾਈ ਹੇਠ ਚੋਣ ਕਰਾਉਣ ਲਈ ਅਹਿਮ ਮੀਟਿੰਗ ਕੀਤੀ ਗਈ ਅਤੇ ਵਿਚਾਂਰ ਵਟਾਂਦਰਾ ਕੀਤਾ ਗਿਆ। ਇਸੇ ਦੌਰਾਨ ਸੂਬਾ ਕਮੇਟੀ ਮੈਂਬਰ ਮਲਕੀਤ ਸਿੰਘ ਬਰਨਾਲਾ, ਦਰਸ਼ਨ ਸਿੰਘ ਬਠਿੰਡਾ, ਮਾਸਟਰ ਅਵਤਾਰ ਸਿੰਘ ਲੁਧਿਆਣਾ, ਸੁਖਮਿੰਦਰ ਸਿੰਘ ਪਟਿਆਲਾ ਨੇ ਵਿਸ਼ੇਸ਼ ਤੌਰ ਸਮੂਲੀਅਤ ਕੀਤੀ। ਅਤੇ ਜੱਥੇਬੰਦੀ ਦੇ ਸਰਪ੍ਰਸਤ ਫਰੀਡਮ ਫਾਇਟਰ ਬੀਬੀ ਸਮਿੰਦਰ ਕੌਰ ਲੌਂਗੋਵਾਲ ,ਬੀਬੀ ਸੁਰਜੀਤ ਕੌਰ ਸਾਹੋਕੇ, ਹਰਿੰਦਰਪਾਲ ਸਿੰਘ ਖਾਲਸਾ ,ਚਮਕੌਰ ਸਿੰਘ ਘਨੌਰੀ ਕਲਾਂ ਨੇ ਸਬੋਧਨ ਕੀਤਾ। ਸਬੋਧਨ ਦੌਰਾਨ ਪ੍ਰਧਾਨਗੀ ਨੂੰ ਲੈਕੇ ਅਹਿਮ ਫੈਸਲਾ ਲਿਆ ਗਿਆ ਅਤੇ ਸਰਬਸੰਮਤੀ ਨਾਲ ਮਨਜੀਤ ਸਿੰਘ ਢੱਡਰੀਆਂ ਜ਼ਿਲ੍ਹਾ ਪ੍ਰਧਾਨ, ਕਲਮਜੀਤ ਸਿੰਘ ਗੰਢੇਵਾਲ ਨੂੰ ਜਿਲ੍ਹਾ ਸੈਕਟਰੀ ਹਰਜਿੰਦਰ ਸਿੰਘ ਸ਼ੇਰਪੁਰ ਨੂੰ ਜ਼ਿਲ੍ਹਾ ਖਜ਼ਾਨਚੀ ਨਿਯੁਕਤ ਕੀਤਾ ਗਿਆ। ਨਿਯੁੱਕਤੀ ਬਾਅਦ ਵਿੱਚ ਚੁਣੇ ਗਏ ਆਹੁਦੇਦਾਰਾ ਵੱਲੋਂ ਜੱਥੇਬੰਦੀ ਦੀ ਚੜਦੀਕਲਾ ਲਈ ਆਏ ਪਰਿਵਾਰਕ ਮੈਂਬਰਾ ਨੂੰ ਵਿਸ਼ਵਾਸ਼ ਦੁਆਇਆ ਕਿ ਉਹ ਮਿਲਿਆ ਜਿੰਮੇਵਾਰੀਆਂ ਨੂੰ ਜਾਇਆ ਨਹੀ ਜਾਣ ਦੇਣਗੇ ਅਤੇ ਨਾ ਹੀ ਕਦੇ ਕੋਈ ਸਿਕਾਇਤ ਦਾ ਮੌਕਾ ਦੇਣਗੇ ਅਤੇ ਦਿਨ ਰਾਤ ਇਮਾਨਦਾਰੀ ਨਾਲ ਜੱਥੇਬੰਦੀ ਲਈ ਕੰਮ ਕਰਨਗੇ। ਇਸ ਮੌਕੇ ਜੱਥੇਬੰਦੀ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਦਲਜੀਤ ਸਿੰਘ ਸ਼ੇਖੇ ਵੱਲੋਂ ਸਮੂਹ ਮੈਂਬਰਾ ਦਾ ਮੀਟਿੰਗ ਵਿੱਚ ਪਹੁੰਚਣ ਤੇ ਸੁਆਗਤ ਤੇ ਧੰਨਵਾਦ ਕੀਤਾ।ਨਾਲ ਹੀ ਨਵ-ਨਿਯੁਕਤ ਆਹੁਦੇਦਾਰਾ ਨੂੰ ਵਧਾਈ ਦਿੱਤੀ ਗਈ।ਇਸ ਮੌਕੇ ਵਿਸਾਖਾ ਸਿੰਘ ਜਨਾਲ, ਲਖਵੀਰ ਸਿੰਘ ਲਹਿਰਾਗਾਗਾ, ਜੋਗਾ ਸਿੰਘ ਢੱਡਰੀਆਂ, ਮਹਿੰਗਾ ਸਿੰਘ ਢੱਡਰੀਆਂ ,ਧਰਮਵੀਰ ਸਿੰਘ ਮਾਨ ਸੰਗਰੂਰ, ਕਰਮ ਸਿੰਘ ਮਾਨ ਬਡਰੁੱਖਾ, ਪਰਮਜੀਤ ਸਿੰਘ ਬਡਰੁਖਾਂ,ਦਰਸ਼ਨ ਸਿੰਘ ਲੌਂਗੋਵਾਲ,ਮਸ਼ਕੀਨ ਸਿੰਘ, ਜੋਗਿੰਦਰ ਸਿੰਘ ਢੱਡਰੀਆਂ, ਮੋਹਰ ਸਿੰਘ,ਗੁਰਦਿਆਲ ਸਿੰਘ ਸਾਹੋਕੇ, ਬੀਬੀ ਜਸਵਿੰਦਰ ਕੌਰ ,ਗੁਰਮੇਲ ਸਿੰਘ,ਸਰਬਜੀਤ ਸਿੰਘ ਭਿੰਡਰਾਂ,ਲਖਵਿੰਦਰ ਸਿੰਘ ਭੱਟੀਵਾਲ, ਧਰਮਿੰਦਰ ਸਿੰਘ ਸੇਖੋ ,ਪਰਮਜੀਤ ਸਿੰਘ ਟਿਵਾਣਾ, ਗੁਰਜੀਤ ਸਿੰਘ ਭੱਟੀਵਾਲ, ਕਰਮਜੀਤ ਸਿੰਘ ਘਨੌਰ ਕਲਾ,ਮੁਖਤਿਆਰ ਸਿੰਘ ਹੇੜੀਕੇ, ਚਰਨਜੀਤਸਿੰਘ ਮਾਹਮਦਪੁਰ,ਲਾਲ ਸਿੰਘ ਸੁਨਾਮ, ਦਰਸ਼ਨ ਸਿੰਘ ਬਹਾਦਰਪੁਰ ਅਜੀਤਪਾਲ ਸਿੰਘ,ਸੁਖਵਿੰਦਰ ਸਿੰਘ, ਭਾਗ ਸਿੰਘ ਰੰਗੀਆਂ, ਸੁਰਿੰਦਰ ਸਿੰਘ ਮਾਨ ਤੋ ਇਲਾਵਾ ਪਰਿਵਾਰਕ ਮੈਂਬਰ ਆਦਿ ਹਾਜ਼ਰ ਸਨ ।

# ਇਸਤਰੀ ਅਕਾਲੀ ਦਲ ਨੇ ਪਿੰਡ ਸੰਗਤ ਖੁਰਦ ਵਿਖੇ ਕੀਤੀ ਮੀਟਿੰਗ ਸੁਖਪਾਲ ਕੌਰ ਨੂੰ ਬਣਾਇਆ ਇਕਾਈ ਪ੍ਰਧਾਨ



ਤਲਵੰਡੀ ਸਾਬੋ , 6 ਮਾਰਚ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਅਕਾਲੀ ਦਲ ਦੇ ਇਸਤਰੀ ਵਿੰਗ ਵੱਲੋਂ ਅੱਜ ਇਥੋਂ ਨੇੜਲੇ ਪਿੰਡ ਸੰਗਤ ਖੁਰਦ ਵਿਖੇ ਵਿਖੇ ਮੀਟਿੰਗ ਕੀਤੀ ਗਈ। ਜਿਸ ਦੌਰਾਨ ਇਸਤਰੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸਰਬਸੰਮਤੀ ਨਾਲ ਪਿੰਡ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਕਰਵਾਈ ਗਈ ਤੇ ਸੁਖਪਾਲ ਕੌਰ ਨੂੰ ਇਕਾਈ ਪ੍ਰਧਾਨ ਬਣਾਇਆ ਗਿਆ। ਮੀਟਿੰਗ ਦੌਰਾਨ ਬੋਲਦਿਆਂ ਹਰਗੋਬਿੰਦ ਕੌਰ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਝੂਠੇ ਲਾਰਿਆਂ ਤੋਂ ਅੱਕ ਕੇ ਇਸਤਰੀ ਅਕਾਲੀ ਦਲ ਵੱਲੋਂ ਕੌਮਾਂਤਰੀ ਇਸਤਰੀ ਦਿਵਸ ਮੌਕੇ 8 ਮਾਰਚ ਨੂੰ ਬਠਿੰਡਾ ਵਿਖੇ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਜਿਸ ਦੌਰਾਨ ਵੱਡੀ ਗਿਣਤੀ ਵਿੱਚ ਔਰਤਾਂ ਪੁੱਜਣਗੀਆਂ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਖੇਤਰੀ ਪਾਰਟੀ ਹੈ ਤੇ ਵੱਧ ਤੋਂ ਵੱਧ ਬੀਬੀਆਂ ਇਸ ਨਾਲ ਜੁੜਨ। ਇਸ ਸਮੇਂ ਸੀਨੀਅਰ ਆਗੂ ਇਸਤਰੀ ਅਕਾਲੀ ਦਲ ਸਰਬਜੀਤ ਕੌਰ, ਕਿਰਨ ਕੌਰ, ਰਣਜੀਤ ਕੌਰ, ਮਨਜੀਤ ਕੌਰ, ਸੁਖਜੀਤ ਕੌਰ ਅਤੇ ਰਾਮ ਕੌਰ ਤੋਂ ਇਲਾਵਾ ਮਨਦੀਪ ਸਿੰਘ ਗਾਟਵਾਲੀ ਅਤੇ ਬੰਤ ਸਿੰਘ ਆਦਿ ਮੌਜੂਦ ਸਨ।

## ਦਸਤਾਰ ਮੁਕਾਬਲੇ 31 ਮਾਰਚ ਨੂੰ ਝੰਡਾ ਗਰਾਊਂਡ ਰਾਜਪੁਰੇ ਵਿਖੇ- ਸਿਮਰਨਜੋਤ ਸਿੰਘ ਖਾਲਸਾ



ਬਠਿੰਡਾ/ਤਲਵੰਡੀ ਸਾਬੋ, 06 ਮਾਰਚ (ਗੁਰਜੰਟ ਸਿੰਘ ਨਥੇਹਾ)- ਦਸਤਾਰ-ਏ-ਖਾਲਸਾ ਰਾਜਪੁਰਾ ਕੈਲੇਫੋਰਨੀਆ ਵੱਲੋਂ ਬਹੁਤ ਹੀ ਵੱਡੇ ਪੱਧਰ 'ਤੇ ਦਸਤਾਰ, ਦੁਮਾਲਾ, ਲੰਮੇ ਕੇਸ ਅਤੇ ਲੰਮੇ ਦਾਹੜੇ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਅੱਜ ਇਹਨਾਂ ਮੁਕਾਬਲਿਆਂ ਦੇ ਸਬੰਧ ਵਿੱਚ ਬਠਿੰਡਾ ਵਿਖੇ ਪ੍ਰੈਸ ਕਾਨਫਰੰਸ ਕੀਤੀ ਗਈ ਸੁਸਾਇਟੀ ਦੇ ਪ੍ਰਧਾਨ ਭਾਈ ਸਿਮਰਨਜੋਤ ਸਿੰਘ ਖਾਲਸਾ ਅਤੇ ਦਸਤਾਰ ਸਭਾ ਦੇ ਮੁੱਖ ਸੇਵਾਦਾਰ ਭਾਈ ਅਨਮੋਲਦੀਪ ਸਿੰਘ ਜਲਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਸ਼ਹੀਦ ਭਾਈ ਤਾਰੂ ਸਿੰਘ ਦਸਤਾਰ ਸਿਖਲਾਈ ਸੇਵਾ ਸੁਸਾਇਟੀ, ਦਸਤਾਰ ਸਭਾ ਅਤੇ ਰੋਇਲ ਦਸਤਾਰ ਅਕੈਡਮੀ ਵੱਲੋਂ ਪੂਰਨ ਰੂਪ ਵਿੱਚ ਸ਼ਮੂਲੀਅਤ ਤੇ ਸਹਿਯੋਗ ਰਹੇਗਾ। ਇਹਨਾਂ ਮੁਕਾਬਲਿਆਂ ਵਿੱਚ ਪਹਿਲਾ ਇਨਾਮ ਸੀਨੀਅਰ ਗਰੁੱਪ 31000 ਅਤੇ ਹੋਰ ਅਨੇਕਾਂ ਹਜ਼ਾਰਾਂ ਦੇ ਨੱਕਦ ਇਨਾਮ ਦਿੱਤੇ ਜਾਣਗੇ। ਅਸੀਂ ਆਪਣੀਆਂ ਸੰਸਥਾਵਾਂ ਵੱਲੋਂ ਸਮੁੱਚੇ ਪੰਜਾਬ ਵਿੱਚ ਵਸਦੇ ਰੋਜ਼ਾਨਾ ਸੋਹਣੀ ਦਸਤਾਰ ਸਜਾਉਣ ਵਾਲ਼ੇ ਬੱਚਿਆਂ ਤੇ ਨੌਜਵਾਨਾਂ ਨੂੰ ਬੇਨਤੀ ਕਰਦੇ ਹਾਂ ਕਿ ਇਹਨਾਂ ਮੁਕਾਬਲਿਆਂ ਵਿੱਚ ਵੱਧ ਤੋਂ ਵੱਧ ਹਾਜਰੀਆਂ ਲਵਾਓ ਸਾਰਿਆਂ ਹੀ ਬੱਚਿਆਂ ਨੂੰ ਹੌਂਸਲਾ ਆਫਜਾਈ ਲਈ ਸਨਮਾਨਿਤ ਕੀਤਾ ਜਾਊਗਾ ਇਹ ਮੁਕਾਬਲੇ ਵੀਰ ਲਖਵਿੰਦਰ ਸਿੰਘ ਯੂ.ਐਸ.ਏ ਦਸਤਾਰ-ਏ-ਖਾਲਸਾ ਰਾਜਪੁਰਾ ਕੈਲੇਫੋਰਨਿਆ ਦੇ ਮੁੱਖ ਆਗੂ ਹਨ ਜੋ ਯੂ.ਐੱਸ.ਏ ਵਿੱਚ ਬਹੁਤ ਹੀ ਵੱਡੇ ਪੱਧਰ 'ਤੇ ਸੇਵਾ ਕਰਦੇ ਹਨ ਵੀਰ ਲਖਵਿੰਦਰ ਸਿੰਘ ਦੀ ਅਗਵਾਈ ਵਿੱਚ ਕਰਵਾਏ ਜਾ ਰਹੇ ਹਨ ਵਿਸ਼ੇਸ਼ ਸਹਿਯੋਗ ਸਰਦਾਰ-ਏ-ਪਟਿਆਲਾ ਸ਼ਾਹੀ ਗੁਰਿੰਦਰ ਸਿੰਘ ਕਿੰਗ ਜੋ ਕਿ ਪੂਰੇ ਪੰਜਾਬ ਵਿੱਚ ਦਸਤਾਰ ਮੁਕਾਬਲਿਆਂ ਦਾ ਪ੍ਰਚਾਰ ਕਰ ਰਹੇ ਹਨ। ਉਸ ਸਮੇਂ ਬਾਜ ਸਿੰਘ ਖਾਲਸਾ ਫਰੀਦਕੋਟ, ਗੁਰਦਿੱਤ ਸਿੰਘ ਭਾਈ ਰੂਪਾ ਰੋਇਲ ਦਸਤਾਰ ਅਕੈਡਮੀ, ਗੁਰਸੇਵਕ ਸਿੰਘ, ਰਾਜਵਿੰਦਰ ਸਿੰਘ ਮਨਜੀਤ ਸਿੰਘ, ਅਮਨਦੀਪ ਸਿੰਘ, ਗੁਰਦਿੱਤ ਸਿੰਘ, ਇਕਬਾਲ ਸਿੰਘ, ਸ਼ੈਲਪ੍ਰੀਤ ਸਿੰਘ, ਬਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਰਾਜਵਿੰਦਰ ਸਿੰਘ ਅਤੇ ਨਿਰਮਲ ਸਿੰਘ ਹਾਜ਼ਰ ਸਨ।

## ਵਿੱਤ ਮੰਤਰੀ ਚੀਮਾ ਵਲੋਂ ਪੇਸ਼ ਕੀਤਾ ਵਿਧਾਨ ਸਭਾ ਦਾ ਤੀਸਰਾ ਬਜਟ ਪੰਜਾਬ ਪੱਖੀ - ਸਤਪਾਲ ਖਡਿਆਲ

**ਮਹਿਲਾਂ ਚੌਕ ਨਕੋਦਰ ਮਹਿਤਪੁਰ ,6 ਮਾਰਚ (ਹਰਜਿੰਦਰ ਪਾਲ ਛਾਬੜਾ)** -ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਗਏ ਤੀਸਰੇ ਵਿਧਾਨ ਸਭਾ ਦੇ ਬਜਟ ਸਬੰਧੀ ਆਪਣਾ ਪ੍ਰਤੀਕਰਮ ਦਿੰਦਿਆਂ ਉੱਘੇ ਖੇਡ ਬੁਲਾਰੇ ਪ੍ਰਸਿੱਧ ਲੇਖਕ ਸਤਪਾਲ ਮਾਹੀ ਖਡਿਆਲ ਨੇ ਵਿੱਤ ਮੰਤਰੀ ਐਡਵੋਕੇਟ ਸ੍ਰ ਹਰਪਾਲ ਸਿੰਘ ਚੀਮਾ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਸ ਬਜਟ ਸਬੰਧੀ ਮੰਤਰੀ ਹਰਪਾਲ ਸਿੰਘ ਚੀਮਾ ਬਹੁਤ ਹੀ ਗੰਭੀਰ ਸਨ। ਉਨ੍ਹਾਂ ਨੇ ਹਰ ਵਰਗ ਦਾ ਧਿਆਨ ਰੱਖਿਆ ਅਤੇ ਇਸ ਲਈ ਦਿਨ-ਰਾਤ ਮਿਹਨਤ ਕੀਤੀ। ਉਹਨਾਂ ਨੇ ਕਿਹਾ ਕਿ ਮੰਤਰੀ ਸਾਹਿਬ ਨੇ ਹਰ ਪਿੰਡ ਵਿੱਚ ਜਾ ਕੇ ਪਤਾ ਲਗਾਇਆ ਕਿ ਕਿਸ ਤਰ੍ਹਾਂ ਦਾ ਬਜਟ ਪੇਸ਼ ਕੀਤਾ ਜਾਣਾ ਚਾਹੀਦਾ ਹੈ ਅਤੇ ਲੋਕਾਂ ਨੂੰ ਕਿਹੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਸਭ ਕੁਝ ਦੇਖਣ ਅਤੇ ਜਾਣਨ ਤੋਂ ਬਾਅਦ ਹੀ ਬਜਟ ਤਿਆਰੀ ਕਰਨਾ ਸ਼ੁਰੂ ਕੀਤਾ ਸੀ ।ਉਨ੍ਹਾਂ ਕਿਹਾ ਕਿ ਅਸੀਂ ਮੰਤਰੀ ਜੀ ਨਾਲ ਗੱਲ ਕਰਦੇ ਸੀ ਕਿ ਕੁਝ ਵਲੰਟੀਅਰਾਂ ਦੇ ਘਰ ਸਮਾਗਮ ਹੈ, ਤੁਸੀਂ ਉੱਥੇ ਪਹੁੰਚੋ ਪਰ ਉਹ ਸਿਰਫ ਇੱਕ ਗੱਲ ਕਹਿੰਦੇ ਸਨ ਕਿ ਮੈਂ ਲੋਕਾਂ ਨੇ ਪੰਜਾਬ ਵਿਧਾਨਸਭਾ ਭੇਜ ਕੇ ਮਾਣ ਬਖਸ਼ਿਆ ਹੈ ਇਸ ਲਈ ਬਜਟ ਪੇਸ਼ ਕਰਨ ਦੀਆਂ ਤਿਆਰੀਆਂ ਚੱਲ ਰਹੀਆਂ ਹਨ, ਦਿਨ-ਰਾਤ ਕੰਮ ਚੱਲ ਰਿਹਾ ਹੈ, ਸਭ ਤੋਂ ਪਹਿਲਾਂ ਇਹ ਜ਼ਰੂਰੀ ਹੈ ਕਿਉਂਕਿ ਲੋਕਾਂ ਨੇ ਸਾਡੇ 'ਤੇ ਭਰੋਸਾ ਕਰਕੇ ਸਾਨੂੰ ਕਾਬਲ ਬਣਾਇਆ ਹੈ। ਉਹਨਾਂ ਨੇ ਕਿਹਾ ਕਿ ਇਸ ਬਜਟ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਕੂਲ ਆਫ ਐਮਈਨੇਏਸ ਲਈ 100 ਕਰੋੜ ਰੁਪਏ ਤੋਂ ਇਲਾਵਾ ਸੜਕ ਸੁਰੱਖਿਆ ਲਈ ਹਾਈ ਲੇਕ ਲਈ ਬਜਟ, ਹਸਪਤਾਲਾਂ ਨੂੰ ਅਪਗ੍ਰੇਡ ਕਰਨ ਲਈ ਬਜਟ, ਨਹਿਰਾਂ ਲਈ ਬਜਟ, 200 ਕਰੋੜ ਰੁਪਏ ਤੋਂ ਵੱਧ ਦਾ ਵੱਡਾ ਇਤਿਹਾਸਕ ਬਜਟ ਪੇਸ਼ ਕੀਤਾ ਗਿਆ ਹੈ, ਜਿਸ ਨੇ ਇਹ ਸਾਬਤ ਕਰ ਦਿੱਤਾ ਹੈ। ਇਹ ਹਰਮਨ ਪਿਆਰਾ ਬਜਟ ਹੋਵੇ ਜਿਸ ਲਈ ਅਸੀਂ ਹਲਕਾ ਦਿੜਬਾ ਦੀ ਤਰਫੋਂ ਪੰਜਾਬ ਸਰਕਾਰ ਅਤੇ ਖਾਸ ਕਰਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਵਧਾਈ ਦਿੰਦੇ ਹਾਂ।




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦੂਜਾ ਸਾਹਿਤਕ ਮੇਲਾ ਆਰੰਭ, ਗੁਰਬਾਜ਼ ਸਿੰਘ ਸਿੱਧੂ ਨੇ ਵੀ ਕੀਤੀ ਸ਼ਮੂਲੀਅਤ

# ਪੁਸਤਕ ਪ੍ਰਦਰਸ਼ਨੀ ਬਣੀ ਖਿੱਚ ਦਾ ਕੇਂਦਰ





**ਤਲਵੰਡੀ ਸਾਬੋ, 06 ਮਾਰਚ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਪਟਿਆਲਾ ਅਧੀਨ ਚੱਲਦੇ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ ਵਿਖੇ ਗੁਰੂ ਕਾਸ਼ੀ ਸ਼ੋਸਲ ਸਾਇੰਸਜ਼ ਵਿਭਾਗ ਅਤੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਆਪਣੀ ਮਾਂ ਬੋਲੀ, ਵਿਰਸੇ ਅਤੇ ਸਾਹਿਤ ਨਾਲ ਜੋੜਨ ਦੇ ਮਕਸਦ ਤਹਿਤ ਆਯੋਜਿਤ ਦੂਜਾ ਤਿੰਨ ਰੋਜ਼ਾ ਸਾਹਿਤਕ ਮੇਲਾ ਅੱਜ ਧੂਮ ਧੜੱਕੇ ਨਾਲ ਆਰੰਭ ਹੋ ਗਿਆ। ਸਾਹਿਤਕ ਮੇਲੇ ਦੌਰਾਨ ਪੁਸਤਕਾਂ ਦੀ ਵਿਸ਼ਾਲ ਪ੍ਰਦਰਸ਼ਨੀ ਖਿੱਚ ਦਾ ਕੇਂਦਰ ਬਣੀ ਰਹੀ। ਉਕਤ ਸਾਹਿਤਕ ਮੇਲੇ ਦੀ ਰਸਮੀ ਆਰੰਭਤਾ ਮੌਕੇ ਗੁਰੂ ਕਾਸ਼ੀ ਕੈਂਪਸ ਦੇ ਡਾਇਰੈਕਟਰ ਪ੍ਰੋ. ਡਾ. ਕਮਲਜੀਤ ਸਿੰਘ ਅਤੇ ਸ਼ੋਸਲ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਬਲਦੇਵ ਸਿੰਘ ਸ਼ੇਰਗਿੱਲ ਵਿਸ਼ੇਸ ਤੌਰ 'ਤੇ ਮੌਜੂਦ ਰਹੇ ਡਾਇਰੈਕਟਰ ਡਾ. ਕਮਲਜੀਤ ਸਿੰਘ ਨੇ ਇਸ ਮੌਕੇ ਕਿਹਾ ਕਿ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਕਿ ਨੌਜਵਾਨਾਂ/ਵਿਦਿਆਰਥੀਆਂ ਨੂੰ ਸਾਹਿਤ ਨਾਲ ਜੋੜਿਆ ਜਾਵੇ ਤਾਂ ਕਿ ਉਹ ਆਪਣੀ ਮਾਂ ਬੋਲੀ ਅਤੇ ਆਪਣੀਆਂ ਜੜ੍ਹਾਂ ਨਾਲ ਜੁੜਿਆ ਮਹਿਸੂਸ ਕਰ ਸਕਣ। ਉੱਧਰ ਸਮਾਗਮ ਦੌਰਾਨ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਅਤੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਵੀ ਵਿਸ਼ੇਸ ਤੌਰ 'ਤੇ ਹਾਜ਼ਰੀ ਭਰੀ। ਡਾ. ਬਲਦੇਵ ਸਿੰਘ ਸ਼ੇਰਗਿੱਲ ਨੇ ਉਨਾਂ ਦਾ ਸਮਾਗਮ 'ਚ ਪੁੱਜਣ 'ਤੇ ਸਵਾਗਤ ਵੀ ਕੀਤਾ। ਗੁਰਬਾਜ਼ ਸਿੰਘ ਸਿੱਧੂ ਨੇ ਵਿਸ਼ੇਸ ਤੌਰ 'ਤੇ ਵੱਖ-ਵੱਖ ਪ੍ਰਕਾਸ਼ਨ ਸਮੂਹਾਂ ਵੱਲੋਂ ਲਗਾਈਆਂ ਪੁਸਤਕ ਪ੍ਰਦਰਸ਼ਨੀਆਂ ਦਾ ਦੌਰਾ ਕਰਦਿਆਂ ਕੁਝ ਪੁਸਤਕਾਂ ਖਰੀਦੀਆਂ ਵੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਵੀ ਗੁਰਬਾਜ਼ ਸਿੰਘ ਸਿੱਧੂ ਨੂੰ ਕਿਤਾਬਾਂ ਦੇ ਸੈੱਟ ਦੇ ਕੇ ਸਨਮਾਨਿਤ ਕੀਤਾ ਗਿਆ। ਸਿੱਧੂ ਨੇ ਇਸ ਮੌਕੇ ਅਜਿਹੇ ਆਯੋਜਨ ਲਈ ਪ੍ਰਬੰਧਕਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਅੱਜ ਦੋ ਚੀਜ਼ਾਂ ਇੱਕ ਕਿਤਾਬਾਂ ਅਤੇ ਦੂਜਾ ਖੇਡਾਂ ਨਾਲ ਸਭ ਤੋਂ ਵੱਧ ਜੋੜਨ ਦੀ ਲੋੜ ਹੈ। ਇਸ ਮੌਕੇ ਗੁਰਬਾਜ਼ ਸਿੰਘ ਸਿੱਧੂ ਨਾਲ ਐਡਵੋਕੇਟ ਜਗਸੀਰ ਸਿੰਘ ਸੀਰਾ ਭਾਗੀਵਾਂਦਰ, ਜਸਵੀਰ ਸਿੰਘ ਚੱਠਾ, ਜਗਤਾਰ ਸਿੰਘ ਨੰਬਰਦਾਰ ਭਾਗੀਵਾਂਦਰ, ਗੁਰਾਂਦਿੱਤਾ ਸਿੰਘ ਸੀਂਗੋ, ਹਰਪਾਲ ਗਾਟਵਾਲੀ ਆਦਿ ਆਗੂ ਮੌਜੂਦ ਦਿਖਾਈ ਦਿੱਤੇ।

### ਭਾਕਿਯੂ ਉਗਰਾਹਾਂ ਨੇ ਤਲਵੰਡੀ ਸਾਬੋ ਤਹਿਸੀਲ ਕੰਪਲੈਕਸ 'ਚ

# ਧਰਨਾ ਲਗਾ ਕੇ ਕਿਸਾਨ ਦੀ ਕੁਰਕੀ ਰੁਕਵਾਈ

**ਤਲਵੰਡੀ ਸਾਬੋ, 06 ਮਾਰਚ ਗੁਰਜੰਟ ਨਥੇਹਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਬਲਾਕ ਪ੍ਰਧਾਨ ਬਹੱਤਰ ਸਿੰਘ ਨੰਗਲਾ ਦੀ ਅਗਵਾਈ ਹੇਠ ਤਹਿਸੀਲ ਕੰਪਲੈਕਸ ਤਲਵੰਡੀ ਸਾਬੋ ਦੇ ਸਾਹਮਣੇ ਧਰਨਾ ਲਗਾ ਕੇ ਚੱਠੇਵਾਲਾ ਦੇ ਕਿਸਾਨ ਬਲਦੇਵ ਸਿੰਘ ਪੁੱਤਰ ਜੀਤ ਸਿੰਘ ਦੀ ਜਮੀਨ ਦੀ ਕੁਰਕੀ ਰੁਕਵਾਈ ਜੋ ਰਾਮਾਂ ਮੰਡੀ ਦੇ ਆੜਤੀਏ ਸੋਕੀ-ਭੋਲੀ ਵੱਲੋਂ ਲਗਾਤਾਰ ਲਿਆਂਦੀ ਜਾ ਰਹੀ ਹੈ। ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਕਿਸਾਨ ਬਲਦੇਵ ਸਿੰਘ ਪਿਛਲੇ ਦਿਨੀ ਮਾਨਯੋਗ ਅਦਾਲਤ ਵੱਲੋਂ 92 ਦਿਨਾਂ ਦੀ ਦਿੱਤੀ ਸਜ਼ਾ ਅਜੇ ਕੱਟ ਕੇ ਆਇਆ ਹੈ ਹੁਣ ਫ਼ੇਰ ਕੁਰਕੀ ਲਿਆਦੀ ਜਾ ਰਹੀ ਹੈ। ਇਸ ਸਮੇਂ ਜਿਲਾ ਜਰਨਲ ਸਕੱਤਰ ਹਰਜਿੰਦਰ ਸਿੰਘ ਬੱਗੀ ਤੇ ਜਿਲਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਦੱਸਿਆ ਕਿ ਸੋਕੀ-ਭੋਲੀ ਉਹੀ ਆੜਤੀਏ ਹਨ ਜੋ 2004 ਵਿਚ ਚੱਠੇਵਾਲਾ ਵਿਖੇ ਕੁਰਕੀ ਲੈਕੇ ਆਏ ਸਨ ਤੇ ਲਗਾਤਾਰ ਕਿਸਾਨਾਂ ਦੀਆਂ ਕੁਰਕੀਆਂ ਲੈਕੇ ਆ ਰਹੇ ਹਨ ਪਰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ ਵੱਲੋਂ ਲਗਾਤਾਰ ਵਿਰੋਧ ਦੇ ਬਾਵਜੂਦ ਵਾਪਸ ਮੋੜੀ ਜਾਂਦੀ ਰਹੀ ਹੈ, ਕਾਂਗਰਸ, ਅਕਾਲੀ ਦਲ ਤੇ ਹੁਣ ਆਮ ਆਦਮੀ ਪਾਰਟੀ ਲਗਾਤਾਰ ਲੋਟੂ ਟੋਲਿਆਂ ਦੀ ਮਦਦ ਕਰ ਰਹੀਆਂ ਹਨ ਪਰ ਗਰੀਬ ਕਿਸਾਨ ਮਜਦੂਰਾਂ ਦੇ ਵਿਰੁੱਧ ਭੁਗਤਦੀਆਂ ਆ ਰਹੀਆਂ ਹਨ ਪਰ ਜਥੇਬੰਦੀ ਕਿਸੇ ਵੀ ਹਾਲਤ ਵਿੱਚ ਜਮੀਨ ਦੀ ਕੁਰਕੀ ਨਹੀਂ ਹੋਣਾ ਦੇਵੇਗੀ। ਇਸ ਸਮੇਂ ਜਿਲਾ ਸਕੱਤਰ ਦਰਸ਼ਨ ਸਿੰਘ ਮਾਈਸਰਖਾਨਾ, ਕਾਲਾ ਸਿੰਘ ਚੱਠੇਵਾਲਾ, ਲੱਖਾ ਜੋਗੇਵਾਲਾ, ਗੁਰਦੀਪ ਮਾਈਸਰਖਾਨਾ ਤੇ ਗੁਰਜੀਤ ਬੰਗੇਹਰ ਵੀ ਹਾਜਰ ਸਨ।



### ਕੰਪਿਊਟਰ ਅਧਿਆਪਕ ਬੈਠੇ ਧਰਨੇ 'ਤੇ

# ਪੰਜਾਬ ਸਰਕਾਰ ਵਿਰੋਧ ਲਾਏ ਨਾਅਰੇ

**ਚੌਕ ਮਹਿਤਾ, 6 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਅੱਜ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨ ਤਾਰਨ ਦੀ ਅਗਵਾਈ ਵਿੱਚ ਉਲੀਕੇ ਗਏ ਵਿਧਾਨ ਸਭਾ ਘਿਰਾਓ ਦੇ ਸੰਘਰਸ਼ ਦੇ ਦੌਰਾਨ ਵੱਡੀ ਗਿਣਤੀ ਵਿੱਚ ਸੂਬੇ ਭਰ ਦੇ ਕੰਪਿਊਟਰ ਅਧਿਆਪਕਾਂ ਨੇ ਸ਼ਿਰਕਤ ਕਰਦੇ ਹੋਏ ਆਪਣੇ ਹੱਕਾਂ ਪ੍ਰਤੀ ਆਵਾਜ਼ ਬੁਲੰਦ ਕੀਤੀ। ਇਸ ਮੌਕੇ ਇਕੱਤਰ ਹੋਏ ਸੂਬੇ ਭਰ ਦੇ ਸੈਂਕੜੇ ਕੰਪਿਊਟਰ ਅਧਿਆਪਕਾਂ ਨੇ ਪੰਜਾਬ ਸਰਕਾਰ ਦੇ ਖਿਲਾਫ ਜਬਰਦਸਤ ਨਾਅਰੇਬਾਜ਼ੀ ਕਰਦੇ ਹੋਏ ਰੋਸ਼ ਪ੍ਰਦਰਸ਼ਨ ਕੀਤਾ। ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨ ਤਾਰਨ ਅਤੇ ਹੋਰਨਾਂ ਆਗੂਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਦੋ ਸਾਲਾਂ ਤੋਂ ਉਨਾਂ ਦਾ ਆਰਥਿਕ ਅਤੇ ਮਾਨਸਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਉਨਾਂ ਦੇ ਬਣਦੇ ਜਾਇਜ਼ ਹੱਕ ਬਹਾਲ ਨਹੀਂ ਕੀਤੇ ਜਾ ਹਨ ਜਿਸ ਕਰਕੇ ਉਹਨ੍ਾਂ ਨੂੰ ਲਗਾਤਾਰ ਸੰਘਰਸ਼ ਕਰਨਾ ਪੈ ਰਿਹਾ ਹੈ ਉਹਨਾਂ ਕਿਹਾ ਕਿ ਉਹ ਪਿਛਲੇ ਲਗਭਗ ਦੋ ਦਹਾਂਕਿਆਂ ਤੋਂ ਆਪਣੇ ਹੱਕਾਂ ਦੀ ਲੜਾਈ ਲੜ ਰਹੇ ਹਨ ਪਰ ਕਿਸੇ ਵੀ ਸਰਕਾਰ ਨੇ ਉਹਨਾਂ ਦੀ ਇੱਕ ਨਹੀਂ ਸੁਣੀ। ਗੁਰਵਿੰਦਰ ਸਿੰਘ ਅਤੇ ਹੋਰਨਾਂ ਆਗੂਆਂ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਸਾਰੇ ਆਗੂਆਂ ਵੱਲੋਂ ਉਨਾਂ ਦੀਆਂ ਮੰਗਾਂ ਨੂੰ ਜਾਇਜ਼ ਠਹਿਰਾਉਂਦੇ ਹੋਏ ਉਹਨਾਂ ਨੂੰ ਪੂਰਾ ਕਰਨ ਦਾ ਵਾਅਦਾ ਕੀਤਾ ਗਿਆ ਸੀ ਅਤੇ ਅੱਜ ਉਹੀ ਆਗੂ ਉਹਨਾਂ ਦੀ ਗੱਲ ਸੁਣਨ ਤੱਕ ਤਿਆਰ ਨਹੀਂ ਹਨ। ਉਹਨਾਂ ਦੱਸਿਆ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ 15 ਸਤੰਬਰ 2022 ਨੂੰ ਆ ਜਨਤਕ ਤੌਰ ਤੇ ਐਲਾਨ ਕਰਦੇ ਹੋਏ ਕੰਪਿਊਟਰ ਅਧਿਆਪਕਾਂ ਦੀਆਂ ਸਾਰੀਆਂ ਮੰਗਾਂ ਨੂੰ ਜਾਇਜ ਮੰਨਦੇ ਹੋਏ ਉਹਨਾਂ ਨੂੰ ਦਿਵਾਲੀ ਦਾ ਤੋਹਫਾ ਦੇਣ ਦਾ ਐਲਾਨ ਕੀਤਾ ਸੀ। ਪਰ ਉਹ ਐਲਾਨ ਚੋਣ ਜੁਮਲਾ ਹੀ ਨਿਕਲਿਆ। ਇਸੇ ਤਰ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਖ-ਵੱਖ ਜਨਤਕ ਸਮਾਗਮਾਂ ਦੇ ਦੌਰਾਨ ਕੰਪਿਊਟਰ ਅਧਿਆਪਕਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਦਾ ਐਲਾਨ ਕਰ ਚੁੱਕੇ ਹਨ ਪਰ ਉਹਨਾਂ ਦੀ ਆਸ ਨੂੰ ਅਜੇ ਤੱਕ ਬੂਰ ਨਹੀਂ ਪਿਆ ਹੈ। ਕੰਪਿਊਟਰ ਅਧਿਆਪਕਾਂ ਨੇ ਦੱਸਿਆ ਕਿ ਜਿੱਥੇ ਅੰਮ੍ਰਿਤਸਰ ਵਿਖੇ ਕੰਪਿਊਟਰ ਅਧਿਆਪਕ ਵਿਕਾਸ ਕੁਮਾਰ ਵੱਲੋਂ ਲਗਾਤਾਰ ਪਿਛਲੇ ਕਈ ਦਿਨਾਂ ਤੋਂ ਭੁੱਖ ਹੜਤਾਲ ਕੀਤੀ ਜਾ ਰਹੀ ਹੈ ਉੱਥੇ ਸੂਬੇ ਭਰ ਦੇ ਹੋਰਨਾਂ ਕੰਪਿਊਟਰ ਅਧਿਆਪਕਾਂ ਵੱਲੋਂ ਵੱਖ-ਵੱਖ ਸੰਘਰਸ਼ ਐਕਸ਼ਨਾਂ ਦੌਰਾਨ ਆਪਣੇ ਹੱਕਾਂ ਦੀ ਆਵਾਜ਼ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਣ ਦੇ ਲਈ ਹਰ ਤਰ੍ਹਾਂ ਦਾ ਹੀਲਾ ਵਸੀਲਾ ਵਰਤਿਆ ਜਾ ਰਿਹਾ ਹੈ ਪਰ ਸੂਬਾ ਸਰਕਾਰ ਵੱਲੋਂ ਉਨਾਂ ਨੂੰ ਲਗਾਤਾਰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਜੋ ਕਿ ਨਿੰਦਣਯੋਗ ਹੈ ਅਤੇ ਇਸਦੀ ਜਿੰਨੀ ਨਿੰਦਾ ਕੀਤੀ ਜਾਵੇ ਘੱਟ ਹੈ। ਕੰਪਿਊਟਰ ਅਧਿਆਪਕਾਂ ਨੇ ਆਪਣੀਆਂ ਮੰਗਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉਹਨਾਂ ਦੀ ਕੋਈ ਵੀ ਨਵੀਂ ਮੰਗ ਨਹੀਂ ਹੈ ਉਹਨਾਂ ਦੀ ਸਿਰਫ ਇੱਕੋ ਇੱਕ ਮੰਗ ਹੈ ਕਿ ਛੇਵੇਂ ਪੇ ਕਮਿਸ਼ਨ ਦਾ ਲਾਭ ਦਿੰਦੇ ਹੋਏ ਉਹਨਾਂ ਦੇ ਰੈਗੂਲਰ ਆਰਡਰਾਂ ਵਿੱਚ ਦਰਜ ਸਾਰੇ ਲਾਭ ਬਿਨਾਂ ਦੇਰੀ ਅਤੇ ਬਿਨਾਂ ਸ਼ਰਤ ਬਹਾਲ ਕੀਤੇ ਜਾਣ ਅਤੇ ਜੇਕਰ ਸਮਾਂ ਰਹਿੰਦੇ ਸੂਬਾ ਸਰਕਾਰ ਨੇ ਉਹਨਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਉਹ ਸੰਘਰਸ਼ ਨੂੰ ਹੋਰ ਤੇਜ਼ ਕਰ ਦੇਣਗੇ ਜਿਸ ਦੀ ਜਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ। ਹੋਰਨਾਂ ਤੋਂ ਇਲਾਵਾ ਇਸ ਮੌਕੇ ਜ਼ਿਲਾ ਅੰਮ੍ਰਿਤਸਰ ਪ੍ਰਧਾਨ ਗਗਨਪ੍ਰੀਤ ਸਿੰਘ, ਪਰਮਜੀਤ ਸਿੰਘ ਸੰਧੂ, ਰਜਵੰਤ ਕੌਰ, ਗੁਰਪ੍ਰੀਤ ਸਿੰਘ, ਪੁਨੀਤ ਜੋਸ਼ੀ, ਗੁਰਇਕਬਾਲ ਸਿੰਘ, ਹਰਪਾਲ ਸਿੰਘ, ਮਨਦੀਪ ਸਿੰਘ ਢਿੱਲੋਂ, ਰਜਿੰਦਰ ਸਹੋਤਾ, ਸੂਰਜਦੀਪ ਸਿੰਘ, ਮਨਦੀਪ ਸਿੰਘ, ਰੁਪਿੰਦਰ ਸਿੰਘ , ਅਮਨ ਕੁਮਾਰ, ਮੋਨੀਕਾ ਸਿੰਦਰਾ, ਨਵਜੀਤ ਕੌਰ, ਅੰਕਿਤ, ਸਿਧਾਰਧ, ਸੁਖਵਿੰਦਰ ਭੱਟੀ, ਸਲਵਿੰਦਰ , ਜੈਪਾਲ ਸਿੰਘਦੇ ਨਾਲ ਨਾਲ ਸਮੂਹ ਸੂਬਾ ਕਮੇਟੀ ਅਤੇ ਜ਼ਿਲ੍ਹਾ ਕਮੇਟੀਆਂ ਦੇ ਮੈਂਬਰਾਂ ਦੇ ਨਾਲ ਨਾਲ ਵੱਡੀ ਗਿਣਤੀ ਵਿੱਚ ਕੰਪਿਊਟਰ ਅਧਿਆਪਕ ਹਾਜ਼ਰ ਸਨ।




# ਹਰਮੀਤ ਸਿੰਘ ਕਾਲਕਾ ਨੇ ਪਰਮਜੀਤ ਸਿੰਘ ਸਰਨਾ ਵੱਲੋਂ ਬਹਿਸ ਦੀ ਦਿੱਤੀ ਚੁਣੌਤੀ ਕਬੂਲੀ, ਕਿਹਾ ਤੁਹਾਡੀ ਮਰਜ਼ੀ ਦੇ ਸਮੇਂ 'ਤੇ ਤੁਹਾਡੀ ਮਰਜ਼ੀ ਦੇ ਚੈਨਲ 'ਤੇ ਬਹਿਸ ਲਈ ਤਿਆਰ



ਨਵੀਂ ਦਿੱਲੀ, 6 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸਾਬਕਾ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਵੱਲੋਂ ਕਮੇਟੀ ਵਿਚ ਹੋਏ ਕੰਮਾਂ ਤੇ ਅਦਾਲਤ ਵਿਚ ਪੈਂਡਿੰਗ ਪਏ ਕੰਟੈਂਪਟ ਆਫ ਕੋਰਟ ਦੇ ਕੇਸਾਂ ਬਾਰੇ ਬਹਿਸ ਲਈ ਦਿੱਤੀ ਚੁਣੌਤੀ ਪ੍ਰਵਾਨ ਕਰਦਿਆਂ ਕਿਹਾ ਹੈ ਕਿ ਸਰਨਾ ਜਿਸ ਦਿਨ ਚਾਹੁਣ, ਜਿਸ ਸਮੇਂ ਚਾਹੁਣ ਤੇ ਜਿਹੜੇ ਮਰਜ਼ੀ ਚੈਨਲ 'ਤੇ ਚਾਹੁਣ ਉਹ ਬਹਿਸ ਲਈ ਤਿਆਰ ਹਨ ਤੇ ਸੰਗਤ ਪਹਿਲਾਂ ਤੋਂ ਹੀ ਸਾਰੇ ਸੱਚ ਤੋਂ ਜਾਣੂ ਹੈ ਪਰ ਉਹ ਫਿਰ ਵੀ ਦਸਤਾਵੇਜ਼ੀ ਤੱਥਾਂ ਸਮੇਤ ਸੱਚਾਈ ਜਨਤਕ ਕਰਨ ਲਈ ਤਿਆਰ ਹਨ। ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਾਲਕਾ ਨੇ ਕਿਹਾ ਕਿ ਉਹ ਕੱਲ੍ਹ ਸਰਦਾਰ ਸਰਨਾ ਵੱਲੋਂ ਪੋਸਟ ਕੀਤੀ ਵੀਡੀਓ ਵੇਖ ਰਹੇ ਸਨ ਜਿਸ ਵਿਚ ਉਹਨਾਂ ਚੀਖ-ਚੀਖ ਕੇ ਦਾਅਵਾ ਕੀਤਾ ਕਿ ਉਹਨਾਂ ਦੇ ਕਾਰਜਕਾਰਲ ਵੇਲੇ ਕਮੇਟੀ ਦਾ ਕੰਮ ਬਹੁਤ ਚੰਗਾ ਹੋਇਆ, ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਚੰਗੀ ਤਰ੍ਹਾਂ ਚਲਦੇ ਸਨ ਤੇ ਕਦੇ ਵੀ ਮੁਲਾਜ਼ਮਾਂ ਦੀ ਤਨਖਾਹ ਲੇਟ ਨਹੀਂ ਹੋਈ। ਉਹਨਾਂ ਕਿਹਾ ਕਿ ਅਸਲੀਅਤ ਇਹ ਹੈ ਕਿ ਤੁਸੀਂ 2006 ਵਿਚ ਲਾਗੂ ਹੋਏ ਛੇਵੇਂ ਤਨਖਾਹ ਕਮਿਸ਼ਨ ਦੇ ਬਕਾਏ 2013 ਵਿਚ ਸੰਗਤਾਂ ਵੱਲੋਂ ਤੁਹਾਨੂੰ ਸੇਵਾ ਤੋਂ ਫਾਰਗ ਕਰਨ ਤੱਕ ਅਦਾ ਨਹੀਂ ਕੀਤੇ। ਉਹਨਾਂ ਕਿਹਾ ਕਿ ਤੁਹਾਡੇ ਨਵੇਂ ਬਣੇ ਸਾਥੀ ਸਰਦਾਰ ਮਨਜੀਤ ਸਿੰਘ ਜੀ.ਕੇ. 2013 ਵਿਚ ਜਦੋਂ ਪ੍ਰਧਾਨ ਬਣੇ ਸਨ ਤਾਂ ਉਹਨਾਂ ਖੁਦ ਦਾਅਵਾ ਕੀਤਾ ਸੀ ਕਿ ਸਰਦਾਰ ਸਰਨਾ ਪੌਣੇ ਦੋ ਸੌ ਕਰੋੜ ਰੁਪਏ ਦੀ ਦੇਣਦਾਰੀ ਛੱਡ ਕੇ ਗਏ ਹਨ ਤੇ ਉਹਨਾਂ ਦੇ ਕਾਰਜਕਾਲ ਵਿਚ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਮੁਲਾਜ਼ਮਾਂ ਨੂੰ 7-7 ਮਹੀਨੇ ਤਨਖਾਹ ਨਹੀਂ ਮਿਲਦੀ ਸੀ।

ਉਹਨਾਂ ਕਿਹਾ ਕਿ ਸਰਦਾਰ ਸਰਨਾ ਨੂੰ ਹੁਣ ਖੁਦ ਸਰਦਾਰ ਜੀ.ਕੇ. ਤੋਂ ਪੁੱਛਣਾ ਚਾਹੀਦਾ ਹੈ ਕਿ ਸੱਚਾਈ ਕੀ ਹੈ ਤੇ ਉਹਨਾਂ ਨੇ ਅਜਿਹੇ ਦਾਅਵੇ ਕਿਉਂ ਕੀਤੇ। ਸਰਦਾਰ ਕਾਲਕਾ ਨੇ ਕਿਹਾ ਕਿ ਸੱਚਾਈ ਇਹ ਹੈ ਕਿ ਸਾਲ 2006 ਤੋਂ 2013 ਤੱਕ ਸਰਦਾਰ ਸਰਨਾ ਛੇਵੇਂ ਤਨਖਾਹ ਕਮਿਸ਼ਨ ਦੇ ਬਕਾਏ ਦੇਣ ਵਿਚ ਨਾਕਾਮ ਰਹੇ ਹਾਲਾਂਕਿ ਉਹਨਾਂ ਨੇ ਵਿਦਿਆਰਥੀਆਂ ਦੀਆਂ ਫੀਸਾਂ ਵਧਾ ਕੇ ਪੈਸੇ ਵੀ ਇਕੱਠੇ ਕੀਤੇ ਸਨ। ਉਹਨਾਂ ਕਿਹਾ ਕਿ ਇਸ ਮਗਰੋਂ ਸਰਦਾਰ ਮਨਜੀਤ ਸਿੰਘ ਜੀ.ਕੇ. ਨੇ ਅਦਾਲਤ ਵਿਚ ਹਲਫਨਾਮਾ ਦਾਇਰ ਕਰਨ ਦੇ ਬਾਵਜੂਦ ਛੇਵੇਂ ਤਨਖਾਹ ਕਮਿਸ਼ਨ ਦੇ ਬਕਾਏ ਨਹੀਂ ਦੇ ਸਕੇ ਹਾਲਾਂਕਿ ਉਹਨਾਂ ਦੇ ਕਾਰਜਕਾਲ ਵਿਚ 7ਵਾਂ ਤਨਖਾਹ ਕਮਿਸ਼ਨ ਵੀ ਆ ਗਿਆ ਸੀ। ਉਹਨਾਂ ਕਿਹਾ ਕਿ ਜਿੰਨੇ ਰਿਕਾਰਡ ਪੈਸੇ ਮੌਜੂਦਾ ਕਮੇਟੀ ਨੇ ਪਿਛਲੇ ਬਕਾਇਆ ਲਈ ਜਾਰੀ ਕੀਤੇ ਹਨ, ਉਹ ਆਪਣੇ ਆਪ ਵਿਚ ਇਕ ਰਿਕਾਰਡ ਹੈ। ਉਹਨਾਂ ਕਿਹਾ ਕਿ ਅਸੀਂ ਕਿਸੇ ਵੀ ਸਮੇਂ ਬਹਿਸ ਲਈ ਤਿਆਰ ਹਾਂ ਤੇ ਸੰਗਤ ਦੇ ਸਾਹਮਣੇ ਸਾਰਾ ਰਿਕਾਰਡ ਪੇਸ਼ ਕਰ ਕੇ ਤੁਹਾਨੂੰ ਇਕ ਵਾਰ ਫਿਰ ਬੇਨਕਾਬ ਕਰਾਂਗੇ। ਉਹਨਾਂ ਇਹ ਵੀ ਕਿਹਾ ਕਿ ਅਦਾਲਤ ਵਿਚ ਜੋ ਕੰਟੈਂਪਟ ਆਫ ਕੋਰਟ ਦੇ ਕੇਸ ਚਲ ਰਹੇ ਹਨ, ਉਹ ਵੀ ਸਰਦਾਰ ਸਰਨਾ ਤੇ ਸਰਦਾਰ ਜੀ.ਕੇ. ਦੇ ਸਮੇਂ ਦੇ ਹਨ ਤੇ ਕਿਉਂਕਿ ਮੌਜੂਦਾ ਪ੍ਰਬੰਧਕ ਅਸੀਂ ਹਾਂ, ਇਸ ਲਈ ਅਦਾਲਤ ਨੇ ਸਾਡੇ ਨਾਂ ਕੇਸ ਵਿਚ ਵਰਤੇ ਹਨ। ਉਹਨਾਂ ਕਿਹਾ ਕਿ ਜੇਕਰ ਸਰਦਾਰ ਸਰਨਾ ਤੇ ਸਰਦਾਰ ਜੀ.ਕੇ. ਵਿਚ ਦਮ ਹੈ ਤਾਂ ਉਹ ਅਦਾਲਤ ਵਿਚ ਆ ਕੇ ਸੱਚਾਈ ਦਾ ਸਾਹਮਣਾ ਵੀ ਕਰ ਸਕਦੇ ਹਨ।


# ਜਨਮ ਦਿਨ ਮੁਬਾਰਕ



ਸਨਪਰੀਤ ਕੌਰ ਕੈਨੇਡਾ ਦੇ ਜਨਮਦਿਨ ਦੀਆਂ ਸਮੂਹ ਰਿਸ਼ਤੇਦਾਰਾਂ ਨੂੰ ਵਧਾਈਆਂ

ਮੁੱਖ ਮੰਤਰੀ ਨੇ ਆਪਣੇ ਬੁਰੇ ਵਿਹਾਰ ਨਾਲ ਵਿਧਾਨ ਸਭਾ ਦਾ ਮਾਣ ਸਤਿਕਾਰ ਹੀ ਨਹੀਂ ਘਟਾਇਆ ਬਲਕਿ

# ਔਰਤਾਂ ਜਾਂ ਪੁਰਾਣੀ ਪੈਨਸ਼ਨ ਸਕੀਮ ਲਈ ਸੂਬੇ ਦੇ ਬਜਟ ਵਿਚ ਫੰਡ ਨਾ ਰੱਖ ਕੇ ਪੰਜਾਬੀਆਂ ਨਾਲ ਵੱਡਾ ਧਰੋਹ ਕਮਾਇਆ- ਹਰਸਿਮਰਤ ਕੌਰ ਬਾਦਲ



**ਤਲਵੰਡੀ ਸਾਬੋ, 6 ਮਾਰਚ (ਗੁਰਜੰਟ ਸਿੰਘ ਨਥੇਹਾ)**-ਸਾਬਕਾ ਕੇਂਦਰੀ ਮੰਤਰੀ ਤੇ ਬਠਿੰਡਾ ਦੇ ਐਮਪੀ ਬੀਬਾ ਹਰਸਿਮਰਤ ਕੌਰ ਬਾਦਲ ਨੇ ਅੱਜ ਕਿਹਾ ਕਿ ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਬੁਰੇ ਵਿਹਾਰ ਨਾਲ ਨਾ ਸਿਰਫ ਵਿਧਾਨ ਸਭਾ ਦਾ ਮਾਣ ਸਤਿਕਾਰ ਘਟਾਇਆ ਬਲਕਿ ਸੂਬੇ ਦੇ ਬਜਟ ਵਿਚ ਔਰਤਾਂ ਨਾਲ ਕੀਤੇ ਵਾਅਦੇ ਤੇ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਲਈ ਕੋਈ ਫੰਡ ਅਲਾਟ ਨਾ ਕਰ ਕੇ ਪੰਜਾਬੀਆਂ ਨਾਲ ਵੱਡਾ ਧਰੋਹ ਕਮਾਇਆ ਹੈ। ਇਸ ਹਲਕੇ ਦੇ ਪਿੰਡ ਚੱਠੇਵਾਲਾ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਨੇ ਵਿਧਾਨ ਸਭਾ ਵਿਚ ਬਹਿਸ ਦਾ ਪੱਧਰ ਬਹੁਤ ਨੀਵਾਂ ਕਰ ਦਿੱਤਾ ਹੈ ਤੇ ਉਹ ਸਿਆਸੀ ਵਿਰੋਧੀਆਂ ਦੇ ਨਾਂ ਲੈ ਕੇ ਉਹਨਾਂ ਖਿਲਾਫ ਬਦਜ਼ੁਬਾਨੀ ਕਰਦੇ ਰਹੇ ਤੇ ਉਹਨਾਂ ਨੇ ਵਿਰੋਧੀਆਂ ਨੂੰ ਧਮਕੀਆਂ ਵੀ ਦਿੱਤੀਆਂ ਤੇ ਬੁਰਾ ਵਿਹਾਰ ਵੀ ਕੀਤਾ। ਉਹਨਾਂ ਕਿਹਾ ਕਿ ਇਸ ਤਰੀਕੇ ਤਾਂ ਗਲੀ ਦੇ ਗੁੰਡੇ ਵੀ ਨਹੀਂ ਲੜਦੇ। ਉਹਨਾਂ ਕਿਹਾ ਕਿ ਸਾਰਾ ਸੂਬਾ ਸ਼ਰਮਸ਼ਾਰ ਮਹਿਸੂਸ ਕਰ ਰਿਹਾ ਹੈ ਕਿ ਅਜਿਹੇ ਵਿਅਕਤੀ ਦੇ ਹੱਥ ਸੱਤਾ ਦੀ ਵਾਗਡੋਰ ਦੇ ਦਿੱਤੀ ਹੈ। ਬਠਿੰਡਾ ਦੇ ਐਮ ਪੀ ਨੇ ਕਿਹਾ ਕਿ ਇਹ ਬਹੁਤ ਹੀ ਹੈਰਾਨੀ ਵਾਲੀ ਗੱਲ ਹੈ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ 2024-25 ਦੇ ਬਜਟ, ਜੋ ਕੱਲ੍ਹ ਵਿਧਾਨ ਸਭਾ ਵਿਚ ਪੇਸ਼ ਕੀਤਾ ਗਿਆ, ਵਿਚ ਸਮਾਜ ਦੇ ਹਰ ਵਰਗ ਨੂੰ ਅਣਡਿੱਠ ਕੀਤਾ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਨੇ ਦੋ ਸਾਲ ਪਹਿਲਾਂ ਸੂਬੇ ਵਿਚ ਸਾਰੀਆਂ ਔਰਤਾਂ ਨੂੰ ਇਕ-ਇਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ। ਉਹਨਾਂ ਕਿਹਾ ਕਿ ਹੁਣ ਇਹ ਸਰਕਾਰ ਦੋ ਸਾਲਾਂ ਤੋਂ ਸਕੀਮ ਲਾਗੂ ਕਰਨ ਵਿਚ ਨਾਕਾਮ ਰਹੀ ਹੈ ਤੇ ਹਰ ਔਰਤ ਦਾ 24-24 ਹਜ਼ਾਰ ਰੁਪਿਆ ਬਕਾਇਆ ਹੋ ਗਿਆ ਹੈ। ਉਹਨਾਂ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਗੱਲ ਹੈ ਕਿ ਸਕੀਮ ਲਈ ਹੁਣ ਵੀ ਪੈਸਾ ਅਲਾਟ ਨਹੀਂ ਕੀਤਾ ਗਿਆ। ਬੀਬਾ ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਨੇ ਸੇਵਾ ਮੁਕਤ ਮੁਲਾਜ਼ਮਾਂ ਨੂੰ ਝੂਠ ਬੋਲਿਆ ਤੇ ਇਸ ਸਰਕਾਰ ਨੇ 2022 ਵਿਚ ਪੁਰਾਣੀ ਪੈਨਸ਼ਨ ਸਕੀਮ ਬਹਾਲੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਤੇ ਗੁਜਰਾਤ ਤੇ ਹਿਮਾਚਲ ਪ੍ਰਦੇਸ਼ ਚੋਣਾਂ ਵਿਚ ਇਹ ਸਕੀਮ ਪੰਜਾਬ ਵਿਚ ਲਾਗੂ ਕਰਨ ਦੇ ਦਾਅਵੇ ਕਰਕੇ ਇਸਦਾ ਖੂਬ ਪ੍ਰਚਾਰ ਕੀਤਾ ਜਦੋਂ ਕਿ ਸਰਕਾਰ ਅੱਜ ਤੱਕ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਵਿਚ ਨਾਕਾਮ ਰਹੀ ਹੈ ਤੇ ਇਸਨੇ 2024-25 ਦੇ ਬਜਟ ਵਿਚ ਇਸ ਸਕੀਮ ਵਾਸਤੇ ਕੋਈ ਫੰਡ ਨਹੀਂ ਰੱਖੇ ਜਿਸ ਤੋਂ ਸਪਸ਼ਟ ਹੈ ਕਿ ਇਹ ਸਕੀਮ ਨੇੜਲੇ ਭਵਿੱਖ ਵਿਚ ਬਹਾਲ ਨਹੀਂ ਹੋਵੇਗੀ। ਬੀਬਾ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ, ਨੌਜਵਾਨ ਤੇ ਸਮਾਜ ਦੇ ਕਮਜ਼ੋਰ ਵਰਗਾਂ ਵਾਸਤੇ ਕੱਖ ਵੀ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਕਿਸਾਨ ਪਿਛਲੇ ਦੋ ਸਾਲਾਂ ਤੋਂ ਹੜ੍ਹਾਂ ਤੇ ਗੜ੍ਹੇਮਾਰੀ ਕਾਰਨ ਹੋਏ ਫਸਲੀ ਨੁਕਸਾਨ ਦਾ ਹੁਣ ਤੱਕ ਮੁਆਵਜ਼ਾ ਉਡੀਕ ਰਹੇ ਹਨ। ਉਹਨਾਂ ਕਿਹਾ ਕਿ ਨਰਮੇ 'ਤੇ ਗੁਲਾਬੀ ਸੁੰਡੀ ਦਾ ਹਮਲਾ ਹੋਣ ਦੇ ਬਾਵਜੂਦ ਨਰਮਾ ਕਿਸਾਨਾਂ ਨੂੰ ਕੋਈ ਮੁਆਵਜ਼ਾ ਨਹੀਂ ਦਿੱਤਾ ਗਿਆ। ਉਹਨਾਂ ਕਿਹਾ ਕਿ ਹੁਣ ਵੀ ਕੁਝ ਦਿਨ ਪਹਿਲਾਂ ਜਿਹਨਾਂ ਕਿਸਾਨਾਂ ਦੀ ਕਣਕ ਦੀ ਫਸਲ ਗੜ੍ਹੇਮਾਰੀ ਕਾਰਨ ਨੁਕਸਾਨੀ ਗਈ ਹੈ, ਉਹ ਸਰਕਾਰ ਤੋਂ ਰਾਹਤ ਦੀ ਉਡੀਕ ਕਰ ਰਹੇ ਹਨ। ਉਹਨਾਂ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਗੱਲ ਹੈ ਕਿ ਜ਼ਿਲ੍ਹੇ ਤੋਂ ਹੋਣ ਦੇ ਬਾਵਜੂਦ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਕੋਲ ਮੁਸੀਬਤ ਮਾਰੇ ਕਿਸਾਨਾਂ ਦੀ ਸਾਰ ਲੈਣ ਦਾ ਸਮਾਂ ਨਹੀਂ ਹੈ। ਬਠਿੰਡਾ ਦੇ ਐਮ ਪੀ, ਜਿਹਨਾਂ ਨੇ ਪਿੰਡ ਸ਼ੇਖਪੁਰਾ, ਨੰਗਲਲਾ, ਨਥੇਹਾ ਤੇ ਗੋਲੇਵਾਲਾ ਦਾ ਦੌਰਾ ਕੀਤਾ, ਨੇ ਕਿਹਾ ਕਿ ਹਰ ਪਾਸੇ ਲੋਕ ਸ਼ਿਕਾਇਤਾਂ ਕਰ ਰਹੇ ਹਨ ਕਿ ਸੜਕਾਂ, ਸਟਰੀਟ ਲਾਈਟਾਂ ਤੇ ਪਾਣੀ ਦੀਆਂ ਟੈਂਕੀਆ ਬਣਾਉਣ ਵਰਗੇ ਬੁਨਿਆਦੀ ਵਿਕਾਸ ਕਾਰਜ ਵੀ ਠੱਪ ਹੋਏ ਪਏ ਹਨ। ਉਹਨਾਂ ਕਿਹਾ ਕਿ ਬਜਟ ਨੇ ਸਾਬਤ ਕਰ ਦਿੱਤਾ ਹੈ ਕਿ ਕੀ ਹੋ ਰਿਹਾ ਹੈ। ਵਿੱਤ ਮੰਤਰੀ ਨੇ ਸਪਸ਼ਟ ਕਿਹਾ ਹੈ ਕਿ ਸੂਬੇ ਦੀ ਆਮਦਨ 2 ਲੱਖ ਕਰੋੜ ਰੁਪਏ ਹੈ ਤੇ ਖਰਚਾ 4 ਲੱਖ ਕਰੋੜ ਰੁਪਏ ਹੈ। ਉਹਨਾਂ ਕਿਹਾ ਕਿ 2 ਲੱਖ ਕਰੋੜ ਰੁਪਏ ਦੇ ਬਜਟ ਵਿਚ 7500 ਕਰੋੜ ਰੁਪਏ ਪੂੰਜੀਗਤ ਖਰਚੇ ਲਈ ਰੱਖੇ ਹਨ ਜਿਸ ਕਾਰਨ ਬੁਨਿਆਦੀ ਢਾਂਚੇ ਦੀ ਸਿਰਜਣਾ ਬੰਦ ਹੋ ਗਈ ਹੈ।

ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ ਵਿਖੇ

# ਪੁਸਤਕ ਮੇਲੇ ਦਾ ਆਗਾਜ਼





ਤਲਵੰਡੀ ਸਾਬੋ, 6 ਮਾਰਚ (ਗੁਰਜੰਟ ਸਿੰਘ ਨਥੇਹਾ)-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਗੁਰੂ ਕਾਸ਼ੀ ਸ਼ੋਸ਼ਲ ਸਾਇੰਸਜ਼ ਅਤੇ ਭਾਸ਼ਾਵਾਂ ਵਿਭਾਗ ਵੱਲੋਂ 3 ਰੋਜ਼ਾ ਦੂਜਾ ਦਮਦਮਾ ਸਾਹਿਬ ਸਾਹਿਤਕ ਮੇਲੇ ਦਾ ਆਗਾਜ਼ ਹੋਇਆ। ਮੇਲੇ ਦੇ ਉਦਘਾਟਨੀ ਸਮਾਰੋਹ ਵਿੱਚ ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਆਪਣੀ ਰਸਮੀ ਭਾਸ਼ਣ ਵਿੱਚ ਅਜੋਕੇ ਦੌਰ ਵਿੱਚ ਸਿੱਖਿਆ ਦੇ ਹੋ ਰਹੇ ਵਪਾਰੀਕਰਨ ਉੱਪਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਸ ਸਮੇਂ ਸਾਹਿਤਕ ਮੇਲਿਆਂ ਦੀ ਬਹੁਤ ਲੋੜ ਹੈ ਜੋ ਬੱਚਿਆਂ ਦਾ ਸਰਵਪੱਖੀ ਵਿਕਾਸ ਕਰਦੇ ਹਨ।

ਇਸ ਦੌਰਾਨ ਡਾ. ਅਮਨਦੀਪ ਸੇਖੋਂ ਨੇ ਮੁੱਖ ਮਹਿਮਾਨ ਅਤੇ ਬਾਹਰੋਂ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਭਾਸ਼ਾਵਾਂ ਵਿਭਾਗ ਦੇ ਸੀਨੀਅਰ ਅਧਿਆਪਕ ਡਾ. ਸੰਦੀਪ ਰਾਣਾ ਨੇ ਸਾਹਿਤਕ ਕਲਾਵਾਂ ਨੂੰ ਨਿਖਾਰਨ ਲਈ ਸਾਹਿਤਕ ਸਮਾਰੋਹਾਂ ਦਾ ਆਯੋਜਨ ਸਾਰਥਿਕ ਦੱਸਿਆ। ਇਸ ਉਪਰੰਤ ਗੁਰੂ ਕਾਸ਼ੀ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਬਲਦੇਵ ਸਿੰਘ ਸ਼ੇਰਗਿੱਲ ਨੇ ਉਦਘਾਟਨੀ ਸਮਾਰੋਹ ਦੇ ਅਖੀਰ ਵਿੱਚ ਇਸ ਸਾਹਿਤਕ ਮੇਲੇ ਨੂੰ ਕਰਵਾਉਣ ਵਿੱਚ ਦਿੱਤੇ ਸਹਿਯੋਗ ਲਈ ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਅਰਵਿੰਦ ਅਤੇ ਕੈਂਪਸ ਡਾਇਰੈਕਟਰ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਆਨਲਾਈਨ ਕਿਤਾਬ ਘਰ ਦਾ ਇਸ ਸਾਹਿਤਕ ਮੇਲੇ ਨੂੰ ਵੱਡੇ ਪੱਧਰ 'ਤੇ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਮੇਲੇ ਦੀ ਦੂਜੀ ਬੈਠਕ ਦੇ ਮੁੱਖ ਬੁਲਾਰੇ ਗੁਰਪ੍ਰੀਤ ਆਰਟਿਸਟ, ਭੁਪਿੰਦਰ ਮਾਨ ਅਤੇ ਖੁਸ਼ਵੰਤ ਬਰਗਾੜੀ ਨੇ 'ਸਾਹਿਤਕ ਮੇਲਿਆਂ ਦੀ ਸਾਰਥਿਕਤਾ ਦਾ ਸੁਆਲ' ਵਿਸ਼ੇ 'ਤੇ ਗੱਲ ਕੀਤੀ। ਇਸ ਸੈਸ਼ਨ ਦੌਰਾਨ ਖੁਸ਼ਵੰਤ ਬਰਗਾੜੀ ਨੇ ਨੌਜਵਾਨਾਂ ਵਿੱਚ ਸੋਸ਼ਲ ਮੀਡੀਆ ਦੇ ਵਧ ਰਹੇ ਰੁਝਾਨ ਨੂੰ ਰੋਕਣ ਲਈ ਇਹਨਾਂ ਮੇਲਿਆਂ ਦੀ ਸ਼ਲਾਘਾ ਕੀਤੀ। ਇਸ ਸਮੇਂ ਗੁਰਪ੍ਰੀਤ ਆਰਟਿਸਟ ਅਤੇ ਭੁਪਿੰਦਰ ਮਾਨ ਨੇ ਕਿਤਾਬਾਂ ਨਾਲ ਜੁੜਨ ਦੀ ਗੱਲ ਕੀਤੀ। ਤੀਜੀ ਬੈਠਕ ਦੌਰਾਨ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਮੀਤ ਪ੍ਰਧਾਨ ਜਸਪਾਲ ਮਾਨਖੇੜਾ ਜੀ ਦਾ ਰੂਬਰੂ ਕਰਵਾਇਆ ਗਿਆ। ਪਹਿਲੇ ਦਿਨ ਦੇ ਅਖ਼ੀਰਲੇ ਸੈਸ਼ਨ ਵਿੱਚ ਕਹਾਣੀਕਾਰ ਅਤਰਜੀਤ ਨੇ 'ਕਹਾਣੀ' ਦੇ ਵਿਸ਼ੇ ਉੱਪਰ ਵਿਸ਼ੇਸ਼ ਗੱਲ ਕੀਤੀ। ਇਸ ਮੇਲੇ ਦੇ ਕੋਆਰਡੀਨੇਟਰ ਡਾ. ਵੀਰਪਾਲ ਕੌਰ ਅਤੇ ਸ੍ਰੀ ਸਤਨਾਮ ਸਿੰਘ ਵਾਹਿਦ ਰਹੇ। ਵੱਖ-ਵੱਖ ਬੈਠਕਾਂ ਦੇ ਦੌਰਾਨ ਮੰਚ ਸੰਚਾਲਨ ਦ ਕਾਰਜ ਡਾ. ਅਮਨਦੀਪ ਸੇਖੋਂ, ਡਾ. ਮਨਮਿੰਦਰ ਕੌਰ, ਡਾ. ਵੀਰਪਾਲ ਕੌਰ, ਕਰਮਜੀਤ ਸਿੰਘ ਨੇ ਕੀਤਾ। ਇਸ ਮੇਲੇ ਨੇ ਕੋਆਰਡੀਨੇਟਰ ਵਾਹਿਦ ਅਤੇ ਡਾ. ਵੀਰਪਾਲ ਕੌਰ ਹਨ।





# ਪਿੰਡ ਖੰਬਾ ਵਿਖੇ ਲੱਗਾ ਮੁਫਤ ਡੈਂਟਲ ਚੈਕਅਪ ਕੈਂਪ




**ਫ਼ਿਰੋਜ਼ਪੁਰ, 6 ਮਾਰਚ (ਮਨੋਹਰ ਲਾਲ)** :— ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਫ਼ਿਰੋਜ਼ਪੁਰ ਦੀ ਤਰਫ਼ੋਂ ਪਿੰਡ ਖੰਬਾ ਵਿਖੇ ਦੰਦਾਂ ਦਾ ਜਾਂਚ ਕੈਂਪ ਲਗਾਇਆ ਗਿਆ। ਇਹ ਕੈਂਪ ਪਿੰਡ ਦੇ ਸਰਪੰਚ ਲਖਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਲਗਾਇਆ ਗਿਆ, ਜਿਸ ਵਿੱਚ ਡਾ: ਸ਼ਾਂਤਾ ਵੱਲੋਂ ਮਰੀਜ਼ਾਂ ਦਾ ਚੈੱਕਅਪ ਕਰਨ ਦੇ ਨਾਲ—ਨਾਲ ਮਰੀਜਾਂ ਨੂੰ ਸਿਹਤ ਪ੍ਰਤੀ ਜਾਗਰੂਕ ਕੀਤਾ। ਇਸ ਮੌਕੇ ਡਾ: ਸ਼ਾਂਤਾ ਨੇ ਮਰੀਜ਼ਾਂ ਨੂੰ ਦੱਸਿਆ ਕਿ ਦੰਦਾਂ ਨੂੰ ਸਰੀਰ ਦੇ ਅੰਗਾਂ ਵਿਚਕਾਰ ਸਾਫ਼ ਰੱਖਣਾ ਬਹੁਤ ਜ਼ਰੂਰੀ ਹੈ, ਗੰਦੇ ਦੰਦਾਂ ਨਾਲ ਨਾ ਸਿਰਫ ਸਾਹ ਚ ਬਦਬੂ ਆਉਂਦੀ ਹੈ, ਸਗੋਂ ਕਈ ਬੀਮਾਰੀਆਂ ਹੋਣ ਦਾ ਖਦਸ਼ਾ ਵੀ ਬਣਿਆ ਰਹਿੰਦਾ ਹੈ, ਇਸ ਲਈ ਹਰ ਮਨੁੱਖ ਲਈ ਇਹ ਜ਼ਰੂਰੀ ਹੈ ਕਿ ਉਹ ਆਪਣੇ ਦੰਦਾਂ ਨੂੰ ਨਿਯਮਿਤ ਤੌਰ ਤੇ ਦੋਵੇਂ ਸਮੇਂ ਸਾਫ਼ ਕਰੇ। ਉਨ੍ਹਾਂ ਕਿਹਾ ਕਿ ਬੱਚਿਆਂ ਸਮੇਤ ਹਰ ਉਮਰ ਦੇ ਲੋਕਾਂ ਨੂੰ ਸਾਲ ਵਿੱਚ ਇੱਕ ਵਾਰ ਆਪਣੇ ਦੰਦਾਂ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਦੰਦਾਂ ਦੇ ਸੜਨ ਦਾ ਸਭ ਤੋਂ ਵੱਡਾ ਕਾਰਨ ਸਿਗਰਟਨੋਸ਼ੀ, ਸਮੇਂ ਤੇ ਬੁਰਸ਼ ਨਾ ਕਰਨਾ, ਖਾਣਾ ਖਾਣ ਤੋਂ ਬਾਅਦ ਗਾਰਗਲ ਨਾ ਕਰਨਾ, ਬੁਰਸ਼ ਦੀ ਸਹੀ ਵਰਤੋਂ ਨਾ ਕਰਨਾ, ਅਜਿਹੇ ਕਈ ਕਾਰਨ ਹਨ। ਇਸ ਮੌਕੇ ਪੀ.ਆਰ.ਓ ਰਣਜੀਤ ਸਿੰਘ, ਮਨਜੀਤ ਸਿੰਘ ਆਦਿ ਕਾਲਜ ਦੀ ਟੀਮ ਹਾਜ਼ਰ ਸੀ।

# ਜੈਨੇਸਿਸ ਡੈਂਟਲ ਕਾਲਜ ਵਿਖੇ ਡੈਂਟਿਸਟ ਦਿਵਸ ਮਨਾਇਆ




**ਫ਼ਿਰੋਜ਼ਪੁਰ, 6 ਮਾਰਚ (ਮਨੋਹਰ ਲਾਲ)** :— ਕਾਲਜ ਦੇ ਵਿਦਿਆਰਥੀਆਂ ਨੇ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਫ਼ਿਰੋਜ਼ਪੁਰ ਵਿਖੇ ਪ੍ਰਿੰਸੀਪਲ ਡਾ: ਪੁਰਸ਼ੋਤਮ ਜਸੂਜਾ ਦੀ ਪ੍ਰਧਾਨਗੀ ਹੇਠ ਡੈਂਟਿਸਟ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਰੰਗੋਲੀ ਤਿਆਰ ਕਰਕੇ ਇਸ ਦਿਨ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਇਸ ਦਿਨ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਹਾਜ਼ਰੀਨ ਨੂੰ ਦੰਦਾਂ ਦੀ ਸੰਭਾਲ ਦੇ ਨੁਕਤੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਇਹ ਦਿਨ ਹਰ ਸਾਲ 6 ਮਾਰਚ ਨੂੰ ਮਨਾਇਆ ਜਾਂਦਾ ਹੈ, ਇਹ ਦਿਨ ਦੰਦਾਂ ਦੇ ਡਾਕਟਰਾਂ ਦੇ ਯਤਨਾਂ ਦੀ ਸ਼ਲਾਘਾ ਕਰਨ ਅਤੇ ਸਾਡੇ ਦੰਦਾਂ ਨੂੰ ਸਿਹਤਮੰਦ ਰੱਖਣ ਲਈ ਉਨ੍ਹਾਂ ਦਾ ਧੰਨਵਾਦ ਕਰਨ ਲਈ ਮਨਾਇਆ ਜਾਂਦਾ ਹੈ। ਇਸ ਦਿਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮੂੰਹ ਦੀ ਸਿਹਤ ਦੀ ਮਹੱਤਤਾ ਅਤੇ ਦੰਦਾਂ ਦੇ ਡਾਕਟਰ ਦੀ ਭੂਮਿਕਾ ਬਾਰੇ ਜਾਗਰੂਕ ਕਰਨਾ ਹੈ। ਇਸ ਮੌਕੇ ਪ੍ਰਿੰਸੀਪਲ ਡਾ: ਪੁਰਸ਼ੋਤਮ ਜਸੂਜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੰਦਾਂ ਦੀ ਸਫ਼ਾਈ ਲਈ ਦਿਨ ਵਿਚ ਦੋ ਵਾਰ ਬੁਰਸ਼ ਕਰਨਾ ਚਾਹੀਦਾ ਹੈ, ਰੋਜ਼ਾਨਾ ਰਾਤ ਨੂੰ ਸੌਣ ਤੋਂ ਪਹਿਲਾਂ ਦੰਦਾਂ ਨੂੰ ਸਾਫ਼ ਕਰਨਾ ਚਾਹੀਦਾ ਹੈ, ਤਾਂ ਜੋ ਦੰਦਾਂ ਵਿੱਚ ਕੋਈ ਚੀਜ਼ ਨਾ ਫਸੇ। ਪ੍ਰਿੰਸੀਪਲ ਡਾ: ਪੁਰਸ਼ੋਤਮ ਜਸੂਜਾ ਨੇ ਕਿਹਾ ਕਿ ਸਾਨੂੰ ਦੰਦਾਂ ਦਾ ਰੁਟੀਨ ਚੈਕਅੱਪ ਕਰਵਾਉਂਦੇ ਰਹਿਣਾ ਚਾਹੀਦਾ ਹੈ ਅਤੇ ਦੰਦਾਂ ਦੀ ਦੇਖਭਾਲ ਬਹੁਤ ਜ਼ਰੂਰੀ ਹੈ। ਇਸ ਮੌਕੇ ਕਾਲਜ ਦੇ ਵਿਦਿਆਰਥੀ ਅਤੇ ਸਟਾਫ਼ ਹਾਜ਼ਰ ਸੀ।

# ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ 10-10 ਦਿਨਾਂ ਦੇ ਦੋ ਜਥੇ ਜਾਣਗੇ : ਭੁੱਲਰ

**ਫ਼ਿਰੋਜ਼ਪੁਰ, 6 ਮਾਰਚ (ਮਨੋਹਰ ਲਾਲ)** :— ਰਬਾਬੀ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਜੋੜ ਮੇਲੇ ਦੇ ਅਤੇ ਸ਼ੇਰੇ ਪੰਜਾਬ ਮਹਾਰਾਜ ਰਣਜੀਤ ਸਿੰਘ ਜੀ ਦੀ ਬਰਸੀ ਮੌਕੇ ਪਾਕਿ ਜਾਣ ਵਾਲੇ ਸਿੱਖ ਯਾਤਰੀਆਂ ਦੇ ਦੋ ਜਥੇ ਪਾਕਿ ਜਾ ਰਹੇ ਹਨ। ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਯਾਤਰੀ ਆਪਣੇ ਪਾਸਪੋਰਟ10 ਮਾਰਚ ਤੋਂ 20 ਅਪ੍ਰੈਲ ਤੱਕ ਭਾਈ ਮਰਦਾਨਾ ਸੁਸਾਇਟੀ ਪਾਸ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਯਾਤਰੀ ਪਾਸਪੋਰਟ ਦੇ ਨਾਲ 2 ਫੋਟੋ ਇਕ ਆਧਾਰ ਕਾਰਡ ਦੀ ਫੋਟੋ ਕਾੀ ਅਤੇ ਪਾਸਪੋਰਟ ਦੀ ਫੋਟੋ ਕਾਪੀ ਸੁਸਾਇਟੀ ਦੇ ਦਫ਼ਤਰ ਵਿਖੇ ਜਮ੍ਹਾਂ ਕਰਵਾ ਸਕਦੇ ਹਨ ਅਤੇ ਜਾਣ ਤੋਂ ਪਾਸਪੋਰਟ ਦੀ 6 ਮਹੀਨੇ ਤੱਕ ਨਿਊ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਜਾ ਰਹੇ ਦੋਨੋ ਜਥੇ 10—10 ਦਿਨ ਦੇ ਹੋਣਗੇ, ਇਨ੍ਹਾਂ ਨੂੰ ਉਹ ਸਾਰੇ ਪਾਸਪੋਰਟ ਤੇ ਗੁਰਦੁਆਰਾ ਸਾਹਿਬਾਂ ਦੇ ਦਰਸ਼ਨ ਕਰਵਾਏ ਜਾਣਗੇ, ਯਾਤਰੀ ਆਪਣੇ ਪਾਸਪੋਰਟ ਜਮ੍ਹਾਂ ਕਰਵਾ ਸਕਦੇ ਹਨ, ਇਹ ਦੋਨੋਂ ਜਥੇ ਜੂਨ ਮਹੀਨੇ ਵਿਚ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਿਸ਼ਵ ਇਸਤਰੀ ਦਿਵਸ

# ਮਨਾਉਣ ਦਾ ਨਹੀਂ ਅਪਨਾਉਣ ਦਾ ਵਿਸ਼ਾ—ਪੀ.ਸੀ ਕੁਮਾਰ





ਫ਼ਿਰੋਜ਼ਪੁਰ, 6 ਮਾਰਚ (ਮਨੋਹਰ ਲਾਲ) :— ਜਿਥੇ ਸਦਾਵਰਤ ਪੰਚਾਇਤੀ ਦੀਨ ਦੁਖਿਆਂ, ਲੋੜਵੰਦ ਦਾ ਮਸੀਹਾ ਉਥੇ ਸਮਾਜ, ਦੇਸ਼ ਵਿਚ ਕੁਰੀਤੀਆਂ, ਬਿਮਾਰੀਆਂ ਨੂੰ ਠੱਲ ਪਾਉਣ, ਦੇਸ਼ ਭਗਤੀ ਦਾ ਪਾਠ ਪੜ੍ਹਾਉਣ ਵਿਚ ਅਹਿਮ ਫਰਜ਼ ਯੋਗਦਾਨ ਪਾ ਰਹੀ ਹੈ। ਪਿਛਲੇ ਇਕ ਦਹਾਕੇ ਤੋਂ ਹਰ ਖੇਤਰ ਚਾਹੇ ਉਹ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ, ਖਾਸ ਤੌਰ ਤੇ ਸਿਹਤ ਤੇ ਸਿੱਖਿਆ ਦੇ ਖੇਤਰ ਵਿਚ ਪਿਛਲੇ 40—45 ਸਾਲਾਂ ਤੋਂ ਇਸ ਸੰਸਥਾ ਦਾ ਮੁੱਖ ਕਾਰਜਕਰਤਾ ਆਪਣੇ ਸਾਥੀਆਂ ਦੇ ਸਹਿਯੋਗ ਨਾਲ ਹਰ ਧਰਮ ਵਰਗ ਵਿਚ ਇਲਾਕੇ ਵਿਚ, ਸਕੂਲਾਂ, ਧਾਰਮਿਕ, ਸਮਾਜਿਕ ਖੇਤਰਾਂ ਵਿਚ ਸ੍ਰੀ ਪੀ.ਸੀ ਕੁਮਾਰ ਜ਼ਿਲ੍ਹੇ ਦੀਆਂ ਸਮਾਜ ਸੇਵੀ ਸੰਸਥਾਵਾਂ ਤੇ ਸਦਾਵਰਤ ਪੰਚਾਇਤੀ ਦੇ ਮੁੱਖ ਕਾਰਜਕਰਤਾ ਸੇਵਾ ਮੁਕਤ ਮਾਸ ਮੀਡੀਆ ਅਫਸਰ, ਸਿਹਤ ਵਿਭਾਗ ਸੀਨੀਅਰ ਸਿਟੀਜਨ, ਸਮਾਜ ਸੁਧਾਰਕ, ਰੋਜ਼ਾਨਾ ਸੈਂਕੜੇ ਬੱਚਿਆਂ, ਅਧਿਆਪਕਾਂ, ਮਾਪਿਆਂ, ਆਮ ਲੋਕਾਂ, ਬੁੱਧੀਜੀਵੀਆਂ ਵਿਚ ਵਿਚਰਦੇ ਹੋਏ ਰੋਜ਼ਾਨਾ ਜਿਥੇ ਵੱਧ ਰਹੀਆਂ, ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ, ਵੱਧ ਰਹੀਆਂ ਅਨੈਤਿਕਤਾ, ਘਟਨਾਵਾਂ, ਅਰਾਜਕਤਾ, ਦੇਸ਼ ਵਿਰੋਧੀ ਜ਼ੋ ਏਕਤਾ, ਅਖੰਡਤਾ, ਭਾਈਚਾਰਾ ਜਿਹੜਾ ਸੈਂਕੜੇ ਸਾਲਾਂ ਦੀ ਗੁਲਾਮੀ ਭੁਗਤਨ ਮਗਰੋਂ ਸਥਾਪਤ ਕਰ ਆਜ਼ਾਦੀ ਪ੍ਰਾਪਤ ਹੋਈ, ਨੂੰ ਫਿਰ ਖਤਰਾ ਬਣ ਧਾਰਮਿਕ ਕਟੜਨ, ਫਿਰਕਾਪ੍ਰਸਤੀ ਵੋਟਾਂ ਦੀ ਰਾਜਨੀਤੀ, ਦੇਸ਼ ਧ੍ਰੋਹੀ ਤਾਕਤਾਂ, ਦੇਸ਼ਾਂ—ਵਿਦੇਸ਼ਾਂ ਵਿਚ ਬੈਠ ਨਸ਼ਿਆਂ, ਅੰਤਕਾਦ, ਫਿਰਕਾਪ੍ਰਸਤੀ, ਗੈਂਗਸਟਰ ਆਦਿ ਦਾ ਸੰਚਾਲਣ ਕ ਰਗਲਤ ਅਨਸਰਾਂ ਨੂੰ ਬੜਾਵਾ ਦੇ ਅੱਜ ਇਸਤਰੀ ਜ਼ੋ ਪਰਿਵਾਰ, ਸਮਾਜ, ਦੇਸ਼ ਦਾ ਇਕ ਅਨਮੋਲ ਰਤਨ, ਹੀਰਾ, ਮਰਯਾਦਾ ਆਨ—ਬਾਨ—ਸ਼ਾਨ ਬਨ ਜਨਣੀ ਜਣੇ ਤੋਂ ਭਾਰਤ ਜਨ ਜਾਂ ਦਾਤਾ ਜਾਂ ਸੂਰ ਨਹੀਂ ਤੋਂ ਜਨਣੀ ਬਾਂਝ ਕਹੇ ਕਾਹੇ ਗਵਾਏ ਨੂਰ ਰਾਜਿਆ, ਮਹਾਰਾਜਿਆਂ, ਸੰਤਾਂ ਮਹਾਨਤਾ ਨੂੰ ਜਨਮ ਦੇਨ ਵਾਲੀ ਅੱਜ ਕਿਸ ਤਰ੍ਹਾਂ ਬਚਿਆਂ, ਪਤੀਆਂ, ਮਾਪਿਆਂ ਦੁਆਰਾ ਮਾਰਿਆ, ਮਰਵਾਇਆ ਜਾਂ ਆਤਮ ਹੱਤਿਆਵਾਂ ਦਾ ਸ਼ਿਕਾਰ ਹੋਣ ਗੈਂਗ ਰੇਪਾਂ ਆਦਿ ਵਰਗੀਆਂ ਘਟਨਾਵਾਂ ਪੂਜਣਯੋਗ ਦੇਵੀਆਂ ਮਾਵਾਂ, ਅਰਧਾਗਨੀਆਂ ਨਾਲ ਹੋਣਾ ਭਾਰਤ ਵਰਗੇ ਦੇਸ਼ ਲਈ ਸ਼ਰਮ ਦੀ ਗੱਲ ਹੈ, ਜ਼ੋ ਰੋਕਣ, ਰੁਕਵਾਉਣ ਲਈ ਇਹ ਸੰਸਥਾ ਅਹਿਮ ਰੋਲ ਅਦਾ ਕਰ ਰਹੀ ਹੈ।


# ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਕਰਵਾਏ ਅਨੰਦ ਕਾਰਜ





ਫ਼ਿਰੋਜ਼ਪੁਰ, 6 ਮਾਰਚ (ਮਨੋਹਰ ਲਾਲ) :— ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਸਲ) ਵਿਖੇ ਭਗਤ ਬਾਬਾ ਮਿਲਖਾ ਸਿੰਘ ਦੇ ਸਹਿਯੋਗ ਨਾਲ 6 ਮਾਰਚ (23 ਫੱਗਣ) ਦਿਨ ਬੁੱਧਵਾਰ ਨੂੰ ਲੋੜਵੰਦ 16 ਪਰਿਵਾਰਾਂ ਦੀਆਂ ਲੜਕੀਆਂ ਦੇ ਆਨੰਦ ਕਾਰਜ ਕਰਵਾਏ ਗਏ। ਇਸ ਮੌਕੇ ਲੜਕੀਆਂ ਨੂੰ ਪੇਟੀ, ਟਰੰਕ, ਸਿਲਾਈ ਮਸ਼ੀਨ, ਪੱਖਾ, ਭਾਂਡੇ, ਬਿਸਤਰੇ ਆਦਿ ਘਰੇਲੂ ਵਰਤੋਂ ਦਾ ਸਾਰਾ ਸਾਮਾਨ ਦਿੱਤਾ ਗਿਆ। ਇਨ੍ਹਾਂ ਵਿਆਹ ਕਾਰਜਾਂ ਵਿਚ ਭੈਣ ਰਣਬੀਰ ਕੌਰ ਦਿੱਲੀ ਨਿਵਾਸੀ, ਗੁਰਨਾਮ ਸਿੰਘ, ਬਾਬਾ ਪੁਨਿੰਆ ਕੌਰ, ਜੁਗਰਾਜ ਸਿੰਘ, ਸੁਖਰਾਜ ਸਿੰਘ ਇੰਗਲੈਂਡ ਵਾਸੀ, ਗੁਰਸੇਵਕ ਸਿੰਘ ਵੜੈਚ, ਹਰਦੇਵ ਸਿੰਘ ਹਾਂਗਕਾਂਗ, ਮਨਜੀਤ ਸਿੰਘ ਹਾਂਗਕਾਂਮ, ਹਰਪ੍ਰੀਤ ਕੌਰ ਕੈਨੇਡਾ, ਗੁਰਪ੍ਰੀਤ ਸਿੰਘ ਫ਼ਿਰੋਜ਼ਪੁਰ ਸ਼ਹਿਰ, ਸਵ: ਮਨਜੀਤ ਸਿੰਘ ਹੁੰਦਲ, ਸ੍ਰੀਮਤੀ ਇੰਦਰਜੀਤ ਕੌਰ ਹੁੰਦਲ, ਵਰਿੰਦਰ ਸਿੰਘ ਹੁੰਦਲ, ਗੁਰਜੀਤ ਕੌਰ ਹੁੰਦਲ, ਜ਼ਸਵੰਤ ਸਿੰਘ ਚੀਮਾ, ਭਜਨ ਕੌਰ ਚੀਮਾ, ਕੁਲਮਿੰਦਰ ਜਗਰੂਪ ਸਿੰਘ ਚੀਮਾ, ਮਨਦੀਸ਼ ਕੌਰ ਚੀਮਾ, ਜੁਵਰਾਜ ਸੁੰਦਰ ਸਿੰਘ ਚੀਮਾ, ਅਰਮਾਨ ਜ਼ਸਰੂਪ ਸਿੰਘ ਚੀਮਾ ਆਦਿ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਮੌਕੇ ਗੁਰਦੁਆਰਾ ਗੁਰੂ ਰਾਮਦਾਸਪੁਰੀ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਜੀ ਨੇ ਲੜਕੇ ਅਤੇ ਲੜਕੀਆਂ ਨੂੰ ਅਸ਼ੀਰਵਾਦ ਦਿੱਤਾ। ਬਾਬਾ ਜੀ ਨੇ ਪਹੁੰਚੀ ਸਾਧ ਸੰਗਤ ਨੂੰ ਗੁਰੂ ਦੇ ਲੜ ਲੱਗਣ ਅਤੇ ਅੰਮ੍ਰਿਤ ਛਕਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਪਹੁੰਚੀ ਸੰਗਤ ਲਈ ਚਾਹ ਪਕੌੜੇ, ਮਠਿਆਈਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਦਮਦਮੀ ਟਕਸਾਲ ਮਹਿਤਾ ਦਾ ਵਿਦਿਆ ਦਾ ਚਾਨਣ ਮੁਨਾਰਾ ਖਾਲਸਾ ਸਕੂਲ





ਫ਼ਿਰੋਜ਼ਪੁਰ, 6 ਮਾਰਚ (ਮਨੋਹਰ ਲਾਲ) :— ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਬੁਰਜ ਮੱਖਣ ਸਿੰਘ ਵਾਲਾ ਵਿਖੇ ਦਮਦਮੀ ਟਕਸਾਲ ਮਹਿਤਾ ਵੱਲੋਂ ਸੰਤ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਜੋ ਕਿ ਦਮਦਮੀ ਟਕਸਾਲ ਦੇ ਮਜੂਦਾ ਮੁਖੀ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਸਰਪ੍ਰਸਤੀ ਹੇਠ ਚੱਲ ਰਿਹਾ ਹੈ, ਇਸ ਵਿੱਦਿਅਕ ਅਦਾਰੇ ਨੇ ਜਿੱਥੇ ਦੁਨਿਆਵੀਂ ਵਿਦਿਆ ਵਿੱਚ ਵਿਦਿਆਰਥੀਆਂ ਨੂੰ ਨਿਪੁੰਨ ਕੀਤਾ ਉਥੇ ਧਾਰਮਿਕ ਅਤੇ ਚੰਗੀ ਸ਼ਖ਼ਸੀਅਤ ਦੇ ਧਾਰਨੀ ਬਣਾ ਕਿ ਵਿਦਿਆਰਥੀਆਂ ਦੀ ਸਿਰਜਣਾ ਕੀਤੀ ਹੈ। ਇਸ ਵਿੱਦਿਅਕ ਅਦਾਰੇ ਵਿੱਚੋਂ ਜਿੱਥੇ ਹਜ਼ਾਰਾਂ ਵਿਦਿਆਰਥੀਆਂ ਨੇ ਮੈਰਿਟ ਵਿੱਚ ਸਥਾਨ ਹਾਸਲ ਕੀਤੇ ਉਥੇ ਖੇਡਾਂ ਵਿਚ ਚੰਗੇ ਸਥਾਨ ਪ੍ਰਾਪਤ ਕਰਕੇ ਉਚ ਮੁਕਾਮ ਹਾਸਲ ਕੀਤੇ ਹਨ ਅਤੇ ਕਰਦੇ ਰਹਿਣਗੇ। ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਕੂਲ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਨੂੰ ਬਾਬਾ ਜੀ ਵੱਲੋਂ ਜਿੱਥੇ ਨਾ—ਮਾਤਰ ਫੀਸਾਂ ਵਿੱਚ ਉੱਚ ਕੋਟੀ ਦੀ ਵਿਦਿਆ ਦਿੱਤੀ ਜਾ ਰਹੀ ਹੈ, ਉਸ ਦੇ ਨਾਲ—ਨਾਲ ਮੈਰਿਟ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ, ਖੇਡਾਂ ਵਿੱਚ ਉੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਲਈ ਖਾਸ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਦੇ ਨਾਲ ਹੀ ਨਰਸਰੀ ਜਮਾਤ ਦੇ ਵਿਦਿਆਰਥੀਆਂ ਨੂੰ ਕਿਤਾਬਾਂ ਮੁਫ਼ਤ ਦੇਣ ਦੀ ਸਹੂਲਤ ਦਿੱਤੀ ਗਈ ਹੈ, ਗੁਰਸਿੱਖ ਪਰਿਵਾਰਾਂ ਅਤੇ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਨੂੰ ਖ਼ਾਸ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਗਿਆਨੀ ਸਾਬ ਸਿੰਘ ਨੇ ਸਕੂਲ ਵਿਦਿਆਰਥੀਆਂ ਲਈ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਨਵੀਂ ਤਕਨੀਕ ਦੀ ਐਜੂਕੇਸ਼ਨ ਦੇਣ ਲਈ ਹਰ ਤਰ੍ਹਾਂ ਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ, ਇਸ ਲਈ ਅਪਣੇ ਬੱਚਿਆਂ ਦਾ ਦਾਖਲਾ ਵੱਧ ਤੋਂ ਵੱਧ ਇਸ ਵਿੱਦਿਅਕ ਅਦਾਰੇ ਵਿਚ ਕਰਵਾ ਕਿ ਇਹਨਾਂ ਸਹੂਲਤਾਂ ਨੂੰ ਪ੍ਰਾਪਤ ਕਰਨਾ ਚਾਹੀਦਾ ਹੈ। ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ, ਭਾਈ ਸਾਬ ਸਿੰਘ ਸਕੂਲ ਪ੍ਰਿੰਸੀਪਲ ਸਟਾਫ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਐਮ. ਪੀ. ਰਵਨੀਤ ਬਿੱਟੂ ਨੇ ਗ੍ਰਿਫ਼ਤਾਰੀ ਦੇਣ ਤੋਂ ਜ਼ਿਆਦਾ ਜ਼ਮਾਨਤ ਲੈਣ 'ਚ ਦਿਖਾਈ ਜਲਦਬਾਜ਼ੀ



**ਲੁਧਿਆਣਾ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਨਗਰ ਨਿਗਮ ਦੇ ਮੁੱਖ ਦਫ਼ਤਰ ਨੂੰ ਤਾਲਾ ਲਾਉਣ ਦੇ ਮਾਮਲੇ 'ਚ ਐੱਫ. ਆਈ. ਆਰ. ਦਰਜ ਹੋਣ ਤੋਂ ਬਾਅਦ ਸੰਸਦ ਮੈਂਬਰ ਰਵਨੀਤ ਬਿੱਟੂ ਵਲੋਂ ਗ੍ਰਿਫ਼ਤਾਰੀ ਦੇਣ ਤੋਂ ਜ਼ਿਆਦਾ ਜ਼ਮਾਨਤ ਲੈਣ 'ਚ ਜਲਦਬਾਜ਼ੀ ਦਿਖਾਈ ਗਈ ਹੈ। ਇੱਥੇ ਦੱਸਣਾ ਉੱਚਿਤ ਹੋਵੇਗਾ ਕਿ ਕਾਂਗਰਸ ਵਲੋਂ ਨਗਰ ਨਿਗਮ ਚੋਣਾਂ 'ਚ ਹੋ ਰਹੀ ਦੇਰੀ ਤੋਂ ਇਲਾਵਾ ਸਫ਼ਾਈ ਵਿਵਸਥਾ ਦੀ ਘਾਟ ਦੇ ਮੁੱਦੇ 'ਤੇ 27 ਫਰਵਰੀ ਨੂੰ ਮਾਤਾ ਰਾਣੀ ਚੌਂਕ ਸਥਿਤ ਮੁੱਖ ਦਫ਼ਤਰ ਦੇ ਬਾਹਰ ਪ੍ਰਦਰਸ਼ਨ ਕੀਤਾ ਗਿਆ ਸੀ। ਇਸ ਦੌਰਾਨ ਬਿੱਟੂ ਦੇ ਨਾਲ ਹੋਰ ਕਾਂਗਰਸੀਆਂ ਨੇ ਨਗਰ ਨਿਗਮ ਦਫ਼ਤਰ ਦੇ ਮੁੱਖ ਗੇਟ ਨੂੰ ਤਾਲਾ ਲਾ ਦਿੱਤਾ ਸੀ। ਇਸ ਨੂੰ ਲੈ ਕੇ ਨਗਰ ਨਿਗਮ ਵਲੋਂ ਇਕ ਚੌਂਕੀਦਾਰ ਜ਼ਰੀਏ ਸਰਕਾਰੀ ਡਿਊਟੀ 'ਚ ਰੁਕਾਵਟ ਪਾਉਣ ਅਤੇ ਧੱਕਾ-ਮੁੱਕੀ ਦੇ ਦੋਸ਼ 'ਚ ਬਿੱਟੂ ਤੋਂ ਇਲਾਵਾ ਭਾਰਤ ਭੂਸ਼ਣ ਆਸ਼ੂ, ਸੰਜੇ ਤਲਵਾੜ ਸਮੇਤ 60 ਕਾਂਗਰਸੀਆਂ ਖ਼ਿਲਾਫ਼ ਕੇਸ ਦਰਜ ਕਰਵਾਇਆ ਗਿਆ ਸੀ। ਇਸ ਕਾਰਵਾਈ ਦੇ ਵਿਰੋਧ 'ਚ ਰਵਨੀਤ ਬਿੱਟੂ ਵੱਲੋਂ ਪੁਲਸ ਕਮਿਸ਼ਨਰ ਦਫ਼ਤਰ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਇਸ ਸਬੰਧ 'ਚ ਰੱਖੀ ਗਈ ਮੀਟਿੰਗ ਦੌਰਾਨ ਆਸ਼ੂ ਵਲੋਂ ਕਾਰਕੁੰਨਾਂ ਨੂੰ ਫਟਕਾਰ ਲਾਉਣ ਕਾਰਨ ਹੋਏ ਹੰਗਾਮੇ ਦੇ ਮਾਹੌਲ ਕਾਰਨ ਸਾਰੇ ਪ੍ਰੋਗਰਾਮ ਦੀ ਹਵਾ ਨਿਕਲ ਗਈ। ਇਸ ਤੋਂ ਬਾਅਦ 5 ਮਾਰਚ ਨੂੰ ਪੁਲਸ ਕਮਿਸ਼ਨਰ ਦਫ਼ਤਰ ਬਾਹਰ ਪ੍ਰਦਰਸ਼ਨ ਕਰਨ ਦਾ ਫ਼ੈਸਲਾ ਕੀਤਾ ਗਿਆ। ਹਾਲਾਂਕਿ ਇਸ ਤੋਂ ਪਹਿਲਾਂ ਪੁਲਸ ਵਲੋਂ ਉਕਤ ਆਗੂਆਂ ਨੂੰ ਘਰ 'ਚ ਹੀ ਨਜ਼ਰਬੰਦ ਕਰਨ ਦੀ ਕੋਸ਼ਿਸ਼ ਕੀਤੀ ਗਈ ਪਰ ਇਹ ਲੋਕ ਕਿਸੇ ਤਰ੍ਹਾਂ ਪੁਲਸ ਕਮਿਸ਼ਨਰ ਦਫ਼ਤਰ ਪਹੁੰਚ ਗਏ ਅਤੇ ਉੱਥੇ ਜੰਮ ਕੇ ਹੰਗਾਮਾ ਕੀਤਾ। ਇਸ ਦੇ ਮੱਦੇਨਜ਼ਰ ਪੁਲਸ ਉਕਤ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਸਿੱਧਾ ਅਦਾਲਤ ਲੈ ਲਈ। ਇੱਥੇ ਬਿੱਟੂ ਅਤੇ ਹੋਰ ਕਾਂਗਰਸੀ ਆਗੂਆਂ ਵਲੋਂ ਗ੍ਰਿਫ਼ਤਾਰੀ ਦੇਣ ਤੋਂ ਜ਼ਿਆਦਾ ਜ਼ਮਾਨਤ ਲੈਣ 'ਚ ਜਲਦਬਾਜ਼ੀ ਦਿਖਾਈ ਗਈ ਪਰ ਅਦਾਲਤ ਵਲੋਂ ਉਨ੍ਹਾਂ ਨੂੰ ਨਿਆਇਕ ਹਿਰਾਸਤ 'ਚ ਭੇਜ ਦ੍ਰਿੱਤਾ ਗਿਆ ਅਤੇ ਉਨ੍ਹਾਂ ਨੂੰ ਨਾਭਾ ਜੇਲ੍ਹ 'ਚ ਰਾਤ ਕੱਟਣੀ ਪਈ। ਇਸ ਤੋਂ ਬਾਅਦ ਅਦਾਲਤ ਨੇ ਬੁੱਧਵਾਰ ਨੂੰ ਉਕਤ ਕਾਂਗਰਸੀ ਆਗੂਆਂ ਨੂੰ ਜ਼ਮਾਨਤ 'ਤੇ ਰਿਹਾਅ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਘਟਨਾਕ੍ਰਮ ਨੂੰ ਵਿਰੋਧੀ ਪਾਰਟੀਆਂ ਨੇ ਸਿਆਸੀ ਡਰਾਮਾ ਦੱਸਿਆ ਹੈ ਕਿਉਂਕਿ ਇਕ ਐੱਫ. ਆਈ. ਆਰ. ਦਰਜ ਹੋਣ ਦੇ ਦਿਨ ਬਿੱਟੂ ਅਤੇ ਹੋਰ ਕਾਂਗਰਸੀ ਆਗੂ ਇਸ ਨੂੰ ਮੈਡਲ ਦੱਸ ਰਹੇ ਸਨ ਅਤੇ ਅੱਗੇ ਚੱਲ ਕੇ ਸਰਕਾਰੀ ਵਿਭਾਗਾਂ ਦੇ ਦਫ਼ਤਰ 'ਚ ਤਾਲਾ ਲਾਉਣ ਦਾ ਦਾਅਵਾ ਕੀਤਾ ਗਿਆ ਸੀ। ਹੁਣ ਲੁਧਿਆਣਾ 'ਚ ਕਾਂਗਰਸ ਖ਼ਾਸ ਕਰਕੇ ਬਿੱਟੂ ਦੀ ਪੋਜ਼ੀਸ਼ਨ ਕਾਫ਼ੀ ਕਮਜ਼ੋਰ ਮੰਨੀ ਜਾ ਰਹੀ ਹੈ, ਜਿਸ ਦੇ ਆਧਾਰ 'ਤੇ ਹੀ ਸਕਰੀਨਿੰਗ ਕਮੇਟੀ ਵਲੋਂ ਉਮੀਦਵਾਰ ਬਦਲਣ ਦੀ ਸਿਫਾਰਿਸ਼ ਹਾਈਕਮਾਨ ਨੂੰ ਭੇਜਣ ਦੀ ਚਰਚਾ ਸੁਣ ਨੂੰ ਮਿਲ ਰਹੀ ਹੈ।

## ਕੌਮ ਦੇ ਰੂਹੇ ਰਵਾਂ ਮਹਾਨ ਅਮਰ ਸ਼ਹੀਦ

# ਭਾਈ ਅਮਰੀਕ ਸਿੰਘ ਜੀ ਖਾਲਸਾ ਦਾ ਜਨਮ ਦਿਹਾੜਾ ਚੜ੍ਹਦੀਕਲਾ ਦੇ ਨਾਲ ਮਨਾਇਆ ਗਿਆ



















**ਅੰਮ੍ਰਿਤਸਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਕੌਮ ਦੇ ਰੂਹੇ ਰਵਾਂ ਮਹਾਨ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਖਾਲਸਾ ਦਾ ਜਨਮ ਦਿਹਾੜਾ ਚੜ੍ਹਦੀਕਲਾ ਦੇ ਨਾਲ ਪਿੰਡ ਭੂਰਾ ਕੋਹਣਾ ਵਿਖੇ ਸਮੂਹ ਸੰਗਤਾਂ ਵੱਲੋਂ ਮਨਾਇਆ ਗਿਆ। ਸਮਾਗਮ ਵਿਚ – ਗਿਆਨੀ ਜਸਵੰਤ ਸਿੰਘ ਜੀ ਮੰਜੀ ਸਾਹਿਬ ਵਾਲੇ, ਗਿਆਨੀ ਗੁਰਮਿੰਦਰ ਸਿੰਘ ਜੀ, ਭਾਈ ਮਨਜੀਤ ਸਿੰਘ ਜੀ ਭੂਰਾ ਕੋਹਨਾ, ਭਾਈ ਕੰਵਰ ਚੜ੍ਹਤ ਸਿੰਘ ਜੀ ਫੈਡਰੇਸ਼ਨ ਪ੍ਰਧਾਨ, ਬਾਬਾ ਬਲਵਿੰਦਰ ਸਿੰਘ ਜੀ, ਬਾਬਾ ਸੁਖਦੇਵ ਸਿੰਘ ਜੀ ਭੂਰੀ ਵਾਲੇ, ਬਾਬਾ ਜਸਵੰਤ ਸਿੰਘ ਜੀ ਸੋਢੀ, ਬਾਬਾ ਕੁਲਵਿੰਦਰ ਸਿੰਘ ਮਾੜੀ ਕੰਬੋਕੇ ਵਾਲੇ, ਭਾਈ ਗੁਰਦੀਪ ਸਿੰਘ ਜੀ ਖੈੜਾ, ਬੀਬੀ ਸਤਵੰਤ ਕੌਰ, ਬਾਬਾ ਪ੍ਰੇਮ ਸਿੰਘ ਜੀ ਦਲਪੰਥ ਬਾਬਾ ਬਿਧੀਚੰਦ, ਸੁਖਦੇਵ ਸਿੰਘ ਜੀ ਸਾਬਕਾ ਸਕੱਤਰ, ਬਾਬਾ ਸੁਖਦੇਵ ਸਿੰਘ ਜੀ, ਭਾਈ ਬਲਦੇਵ ਸਿੰਘ, ਹਰਭਜਨ ਸਿੰਘ ਜੀ ਮਨਾਵਾ ਅਤੇ ਹੋਰ ਪੰਥ ਦੀਆਂ ਮਹਾਨ ਸ਼ਖਸ਼ੀਅਤਾਂ ਨੇ ਹਾਜ਼ਰੀ ਭਰੀ, ਇਸ ਮੌਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਪ੍ਰਧਾਨ ਭਾਈ ਕੰਵਰ ਚੜ੍ਹਤ ਸਿੰਘ ਜੀ ਵੱਲੋਂ ਭਾਈ ਗੁਰਪ੍ਰੀਤ ਸਿੰਘ ਨੂੰ ਹਲਕਾ ਧਾਰੀਵਾਲ ਅਤੇ ਭਾਈ ਗੁਰਬਾਜ਼ ਸਿੰਘ ਨੂੰ ਹਲਕਾ ਤਰਨ ਤਾਰਨ ਤੋਂ ਬਤੌਰ ਹਲਕਾ ਇੰਚਾਰਜ ਨਿਉਕਤ ਕਰਕੇ ਜ਼ਿਮੇਵਾਰੀ ਸੌਂਪੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243